ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/1948995821245311/

YouTube https://youtu.be/LQwolgxDu7I

awazeqaumtvpunjab@gmail.com

ਵੀਰਵਾਰ, 11 ਜੁਲਾਈ 2024 (ਨਾਨਕਸ਼ਾਹੀ ਸੰਮਤ : ੫੫੬, ੨੮ ਹਾੜ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

## ਜਲੰਧਰ ਜ਼ਿਮਨੀ ਚੋਣ ਲਈ ਵੋਟਿੰਗ ਅਮਨ-ਅਮਾਨ ਨਾਲ ਮੁਕੰਮਲ

# 59 ਫੀਸਦੀ ਲੋਕਾਂ ਨੇ ਪਾਈਆਂ ਵੋਟਾਂ

**ਜਲੰਧਰ, 10 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਜਲੰਧਰ ਵੈਸਟ ਵਿਧਾਨ ਸਭਾ ਹਲਕੇ (ਰਿਜ਼ਰਵ) ਸਵੇਰੇ 7 ਵਜੇ ਤੋਂ ਜਾਰੀ ਵੋਟਿੰਗ ਪ੍ਰਕਿਰਿਆ ਹੁਣ ਅਮਨ-ਅਮਾਨ ਨਾਲ ਮੁਕੰਮਲ ਹੋ ਗਈ ਹੈ। ਅੱਤ ਦੀ ਗਰਮੀ ਵਿਚਾਲੇ ਵੋਟ ਦੇ ਅਧਿਕਾਰ ਦੀ ਵਰਤੋਂ ਕਰਨ ਲਈ ਲੋਕ ਬੂਥਾਂ 'ਤੇ ਪਹੁੰਚੇ ਸਨ। ਸਵੇਰ ਦੇ ਸਮੇਂ ਬੇਸ਼ੱਕ ਬੂਥਾਂ 'ਤੇ ਵੋਟਰਾਂ ਦਾ ਉਤਸ਼ਾਹ ਘੱਟ ਵੇਖਿਆ ਗਿਆ ਪਰ ਦੁਪਹਿਰ ਬਾਅਦ ਵੋਟਿੰਗ ਦੇ ਆਖ਼ਰੀ ਘੰਟਿਆਂ ਵਿਚਾਲੇ ਲੋਕ ਉਤਸ਼ਾਹ ਨਾਲ ਬੂਥਾਂ 'ਤੇ ਵੋਟਾਂ ਪਾਉਣ ਲਈ ਪਹੁੰਚੇ ਸਨ। ਕਾਂਗਰਸ ਦੀ ਉਮੀਦਵਾਰ ਸੁਰਿੰਦਰ ਕੌਰ, ਆਮ ਆਦਮੀ ਪਾਰਟੀ ਦੇ ਉਮੀਦਵਾਰ ਮੋਹਿੰਦਰ ਭਗਤ, ਅਕਾਲੀ ਦਲ ਦੇ ਉਮੀਦਵਾਰ ਸੁਰਜੀਤ ਕੌਰ , ਭਾਜਪਾ ਉਮੀਦਵਾਰ ਸ਼ੀਤਲ ਅਗੁੰਰਾਲ ਅਤੇ ਬਪਸ ਦੇ ਉਮੀਦਵਾਰ ਬਿੰਦਰਾ ਲੱਖਾ ਸਮੇਤ ਕੁੱਲ 15 ਉਮੀਦਵਾਰਾਂ ਚੋਣ ਮੈਦਾਨ ਵਿਚ ਆਪਣੀ ਕਿਸਮਤ ਅਜ਼ਮਾ ਰਹੇ ਹਨ। ਇਨ੍ਹਾਂ ਉਮੀਦਵਾਰਾਂ ਦੀ ਕਿਸਮਤ ਹੁਣ ਈ. ਵੀ. ਐੱਮ. ਮਸ਼ੀਨਾਂ ਵਿਚ ਕੈਦ ਹੋ ਗਈ। ਵੋਟਾਂ ਦੇ ਨਤੀਜੇ 13 ਜੁਲਾਈ ਨੂੰ ਐਲਾਨੇ ਜਾਣਗੇ। ਵੇਖਣਾ ਦਿਲਚਸਪ ਹੋਵੇਗਾ ਕਿ ਆਖ਼ਿਰ ਜਲੰਧਰ ਵਾਸੀ ਕਿਹੜੀ ਪਾਰਟੀ ਦੇ ਉਮੀਦਵਾਰ ਦੀ ਝੋਲੀ ਇਹ ਸੀਟ ਪਾਉਣਗੇ। ਜ਼ਿਲਾ ਚੋਣ ਅਧਿਕਾਰੀ-ਕਮ-ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜ਼ਿਮਨੀ ਚੋਣ ਨੂੰ ਆਜ਼ਾਦ, ਨਿਰਪੱਖ ਅਤੇ ਪਾਰਦਰਸ਼ੀ ਢੰਗ ਨਾਲ ਪੂਰਾ ਕਰਨ ਲਈ ਜ਼ਿਲ੍ਹਾ ਪ੍ਰਸ਼ਾਸਨ ਨੇ ਸਾਰੇ ਪੁਖ਼ਤਾ ਪ੍ਰਬੰਧ ਕੀਤੇ ਸਨ। ਵਿਧਾਨ ਸਭਾ ਹਲਕੇ ਵਿਚ ਕੁੱਲ 171963 ਵੋਟਰਾਂ, ਜਿਨ੍ਹਾਂ ਵਿਚ 89629 ਮਰਦ, 82326 ਔਰਤਾਂ ਅਤੇ 8 ਥਰਡ ਜੈਂਡਰ ਵੋਟਰ ਸ਼ਾਮਲ ਹਨ, ਦੀ ਸਹੂਲਤ ਲਈ 181 ਪੋਲਿੰਗ ਬੂਥ ਬਣਾਏ ਗਏ ਹਨ। ਸ਼ਾਮ 5 ਵਜੇ ਤੱਕ 59 ਫ਼ੀਸਦੀ ਵੋਟਿੰਗ ਹੋਈ ਹੈ। ਇਸ ਦੌਰਾਨ ਬਹੁਜਨ ਸਮਾਜ ਪਾਰਟੀ ਦੇ ਉਮੀਦਵਾਰ ਬਿੰਦਰ ਲੱਖਾ ਵੀ ਆਪਣੀ ਵੋਟ ਪਾਉਣ ਲਈ ਪੋਲਿੰਗ ਬੂਥ 'ਤੇ ਪਹੁੰਚੇ। ਉਨ੍ਹਾਂ ਦੇ ਨਾਲ ਉਨ੍ਹਾਂ ਦੀ ਧਰਮਪਤਨੀ ਵੀ ਮੌਜੂਦ ਹੈ। ਆਪਣੇ ਵੋਟ ਦੇ ਹੱਕ ਦੀ ਵਰਤੋਂ ਕਰਨ ਮਗਰੋਂ ਬਿੰਦਰ ਲੱਖਾ ਨੇ ਕਿਹਾ ਕਿ ਲੋਕਾਂ ਵਿਚ ਉਤਸ਼ਾਹ ਦਿਖ ਰਿਹਾ ਹੈ ਤੇ ਲੋਕ ਬਦਲਾਅ ਚਾਹੁੰਦੇ ਹਨ। ਉਨ੍ਹਾਂ ਕਿਹਾ ਕਿ 13 ਤਾਰੀਖ਼ ਨੂੰ ਇਹ ਪਤਾ ਲੱਗ ਜਾਵੇਗਾ ਕਿ ਜਨਤਾ ਨੇ ਕਿਸ ਨੂੰ ਪਿਆਰ ਦਿੱਤਾ ਹੈ।






## ਬਿਕਰਮ ਮਜੀਠੀਆ ਨੂੰ ਐੱਸ. ਆਈ. ਟੀ. ਨੇ ਫਿਰ ਭੇਜੇ ਸੰਮਨ



**ਪਟਿਆਲਾ, 10 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਡਰੱਗ ਮਾਮਲੇ ਦੀ ਜਾਂਚ ਕਰ ਰਹੀ ਐੱਸ. ਆਈ. ਟੀ. ਨੇ ਅਕਾਲੀ ਦਲ ਦੇ ਸੀਨੀਅਰ ਆਗੂ ਅਤੇ ਸਾਬਕਾ ਮੰਤਰੀ ਬਿਕਰਮ ਸਿੰਘ ਮਜੀਠੀਆ ਨੂੰ ਨਵੇਂ ਸੰਮਨ ਭੇਜ ਕੇ ਤਲਬ ਕਰ ਲਿਆ ਹੈ। ਮਿਲੀ ਜਾਣਕਾਰੀ ਮੁਤਾਬਕ ਐੱਨ. ਡੀ. ਪੀ. ਐੱਸ. ਐਕਟ ਤਹਿਤ ਦਰਜ ਮਾਮਲੇ ਦੇ ਚੱਲਦੇ ਬਿਕਰਮ ਮਜੀਠੀਆ ਨੂੰ 18 ਜੁਲਾਈ ਨੂੰ ਪਟਿਆਲਾ ਵਿਚ ਪੇਸ਼ ਹੋਣ ਲਈ ਕਿਹਾ ਗਿਆ ਹੈ। ਇਥੇ ਇਹ ਵੀ ਦੱਸਣਯੋਗ ਹੈ ਕਿ ਇਸ ਤੋਂ ਪਹਿਲਾਂ ਮਜੀਠੀਆ ਨੇ ਐੱਸ. ਆਈ. ਟੀ. ਦੇ ਸੰਮਨਾਂ ਨੂੰ ਹਾਈਕੋਰਟ ਵਿਚ ਚੁਣੌਤੀ ਦਿੱਤੀ ਸੀ, ਜਿਸ ਤੋਂ ਬਾਅਦ ਐੱਸ. ਆਈ. ਟੀ. ਨੇ ਇਹ ਸੰਮਨ ਵਾਪਸ ਲੈ ਲਏ ਸਨ। ਅੱਜ ਫਿਰ ਐੱਸ. ਆਈ. ਟੀ. ਨੇ ਨਵੇਂ ਸਿਰਿਓਂ ਮਜੀਠੀਆ ਨੂੰ ਤਲਬ ਕਰ ਲਿਆ ਹੈ।

## ਸ੍ਰੀ ਹਰਿਮੰਦਰ ਸਾਹਿਬ 'ਚ ਯੋਗਾ ਕਰਨ ਵਾਲੀ ਕੁੜੀ ਅਰਚਨਾ ਮਕਵਾਨਾ ਪੁਲਸ ਜਾਂਚ 'ਚ ਹੋਈ ਸ਼ਾਮਲ

**ਅੰਮ੍ਰਿਤਸਰ, 10 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਹਰਿਮੰਦਰ ਸਾਹਿਬ 'ਚ ਯੋਗਾ ਕਰਨ ਵਾਲੀ ਕੁੜੀ ਅਰਚਨਾ ਮਕਵਾਨਾ ਪੰਜਾਬ ਪੁਲਸ ਦੀ ਜਾਂਚ 'ਚ ਸ਼ਾਮਲ ਹੋ ਚੁੱਕੀ ਹੈ। ਜਾਣਕਾਰੀ ਮੁਤਾਬਕ ਅਰਚਨਾ ਵਰਚੂਅਲੀ ਜਾਂਚ 'ਚ ਸ਼ਾਮਲ ਹੋਈ ਹੈ। ਉਸ ਨੇ ਪੁਲਸ ਨੂੰ ਬਿਆਨ ਦਰਜ ਕਰਵਾ ਦਿੱਤੇ ਹਨ। ਦੱਸ ਦੇਈਏ ਕਿ ਐੱਸ.ਜੀ.ਪੀ.ਸੀ. ਦੀ ਸ਼ਿਕਾਇਤ ਦੇ ਆਧਾਰ 'ਤੇ ਅਰਚਨਾ ਖ਼ਿਲਾਫ਼ ਅੰਮ੍ਰਿਤਸਰ ਵਿਚ ਕੇਸ ਦਰਜ ਕੀਤਾ ਗਿਆ ਹੈ। ਇਸ ਤੋਂ ਪਹਿਲਾਂ ਅੰਮ੍ਰਿਤਸਰ ਦੇ ਏ. ਡੀ. ਸੀ. ਪੀ ਡਾ.ਦਰਪਨ ਆਹਲੂਵਾਲੀਆ ਨੇ ਕਿਹਾ ਕਿ ਨਿਯਮਾਂ ਅਨੁਸਾਰ ਅਰਚਨਾ ਮਕਵਾਨਾ ਖ਼ਿਲਾਫ਼ ਦਰਜ ਕੀਤੇ ਗਏ ਮਾਮਲੇ ਦੀ ਪਹਿਲਾਂ ਪੂਰੀ ਜਾਂਚ ਕੀਤੀ ਜਾਵੇਗੀ। ਜਾਣਕਾਰੀ ਮੁਤਾਬਕ ਕਿਹਾ ਗਿਆ ਸੀ ਕਿ ਇਸ ਮਾਮਲੇ ਵਿਚ ਅਰਚਨਾ ਦੇ ਬਿਆਨ ਦਰਜ ਕਰਵਾਏ ਜਾਣਗੇ। ਇਸ ਤੋਂ ਬਾਅਦ ਹੀ ਉਸ ਦੀ ਗ੍ਰਿਫ਼ਤਾਰੀ ਲਈ ਕਾਰਵਾਈ ਕੀਤੀ ਜਾਵੇਗੀ। ਇਸ ਸਬੰਧੀ ਪੁਲਸ ਵੱਲੋਂ ਅਰਚਨਾ ਨੂੰ ਬਿਆਨ ਦੇਣ ਲਈ ਨੋਟਿਸ ਭੇਜਿਆ ਗਿਆ ਸੀ।



**ਕੀ ਹੈ ਪੂਰਾ ਮਾਮਲਾ :** ਅਰਚਨਾ ਮਕਵਾਨਾ ਸੋਸ਼ਲ ਮੀਡੀਆ ਇੰਨਫਲੂਏਂਸਰ ਵਲੋਂ ਸ੍ਰੀ ਹਰਿਮੰਦਰ ਸਾਹਿਬ ਦੀ ਪਰਿਕਰਮਾ 'ਚ ਯੋਗਾ ਕੀਤਾ ਗਿਆ ਸੀ। ਇਹ ਵੀਡੀਓ ਵਾਇਰਲ ਹੋਣ ਤੋਂ ਬਾਅਦ ਮਾਮਲਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੱਕ ਪਹੁੰਚਿਆ ਅਤੇ ਐੱਸ. ਜੀ. ਪੀ. ਸੀ. ਵਲੋਂ ਪੁਲਸ ਨੂੰ ਸ਼ਿਕਾਇਤ ਦਿੱਤੀ ਗਈ ਅਤੇ ਅਰਚਨਾ ਮਕਵਾਨਾਂ ਦੇ ਖ਼ਿਲਾਫ਼ 295ਏ ਦੇ ਤਹਿਤ ਮਾਮਲਾ ਕੀਤਾ ਗਿਆ ਸੀ । ਗੁਜਰਾਤ ਦੇ ਵਡੋਦਰਾ ਦੀ ਰਹਿਣ ਵਾਲੀ ਅਰਚਨਾ ਮਕਵਾਨਾ ਨੂੰ ਅੰਮ੍ਰਿਤਸਰ ਪੁਲਸ ਨੇ ਨੋਟਿਸ ਭੇਜਿਆ ਸੀ। ਇਹ ਨੋਟਿਸ ਉਸ ਨੂੰ ਜਾਂਚ ਵਿਚ ਸ਼ਾਮਲ ਹੋਣ ਲਈ ਭੇਜਿਆ ਗਿਆ ਹੈ। 30 ਜੂਨ ਤੱਕ ਥਾਣਾ ਈ ਡਿਵੀਜ਼ਨ ਵਿੱਚ ਪੇਸ਼ ਹੋਣ ਸਬੰਧੀ ਆਦੇਸ਼ ਦਿੱਤੇ ਗਏ ਸਨ ਪਰ ਉਹ ਪੇਸ਼ ਨਹੀਂ ਹੋਈ ਸੀ, ਜਿਸ ਤੋਂ ਬਾਅਦ ਅੱਜ ਅਰਚਨਾ ਮਕਵਾਨਾ ਪੰਜਾਬ ਪੁਲਸ ਦੀ ਵਰਚੂਅਲੀ ਜਾਂਚ 'ਚ ਸ਼ਾਮਲ ਹੋਈ ਹੈ।

## ਰਾਵੀ ਦਰਿਆ ਤੋਂ ਪਾਰਲੇ ਪਿੰਡਾਂ ਦੇ ਬੱਚਿਆਂ ਦਾ ਭਵਿੱਖ ਦਾਅ 'ਤੇ, ਅੱਠਵੀਂ ਤੋਂ ਬਾਅਦ ਪੜ੍ਹਨ ਲਈ ਹੋਣਾ ਪੈ ਰਿਹੈ ਖੱਜਲ

**ਦੀਨਾਨਗਰ, 10 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਜਿੱਥੇ ਪੰਜਾਬ ਵਿੱਚ ਹਰੇਕ ਸਰਕਾਰ ਵੱਲੋਂ ਸਿੱਖਿਆ ਦਾ ਮਿਆਰ ਉੱਚਾ ਕਰਨ ਦੇ ਦਾਅਵੇ ਕੀਤੇ ਜਾਂਦੇ ਹਨ ਅਤੇ ਹਰ ਜਗ੍ਹਾ ਬੱਚਿਆਂ ਦੀ ਪੜ੍ਹਾਈ ਲਈ ਕਈ ਤਰ੍ਹਾਂ ਦੇ ਖਾਸ ਪ੍ਰਬੰਧ ਕਰਨ ਦਾ ਵਾਅਦਾ ਕੀਤਾ ਜਾਂਦਾ ਹੈ ਪਰ ਇਹ ਵਾਅਦੇ ਵਧੇਰੇ ਸਿਰਫ ਕਾਗਜ਼ਾਂ ਤੱਕ ਹੀ ਸੀਮਤ ਹੁੰਦੇ ਨਜ਼ਰ ਆਉਂਦੇ ਹਨ। ਜਿਸ ਦੀ ਮਿਸਾਲ ਵਿਧਾਨ ਸਭਾ ਹਲਕਾ ਦੀਨਾਨਗਰ ਅਧੀਨ ਆਉਂਦੇ ਮਕੌੜਾ ਪੱਤਣ ਦੇ ਰਾਵੀ ਦਰਿਆ ਤੋਂ ਪਾਰਲੇ ਪਾਸੇ ਵੱਸੇ ਸੱਤ ਪਿੰਡਾਂ ਦੇ ਕਰੀਬ 40 ਤੋਂ 50 ਬੱਚਿਆਂ ਦਾ ਅੱਠਵੀਂ ਜਮਾਤ ਤੋਂ ਬਾਅਦ ਉੱਚ ਕਲਾਸਾਂ ਦੀ ਪੜ੍ਹਾਈ ਕਰਨ ਲਈ ਭਵਿੱਖ ਦਾਅ 'ਤੇ ਲੱਗਾ ਹੋਇਆ ਹੈ। ਇਸ ਸਬੰਧੀ ਗੱਲਬਾਤ ਕਰਦੇ ਹੋਏ ਰਾਵੀ ਦਰਿਆ ਤੋਂ ਪਾਰਲੇ ਪਾਸੇ ਵਸੇ ਪਿੰਡਾਂ ਦੇ ਬੱਚਿਆਂ ਨੇ 'ਜਗ ਬਾਣੀ' ਨਾਲ ਟੈਲੀਫੋਨ ਰਾਹੀਂ ਗੱਲਬਾਤ ਕਰਦੇ ਹੋਇਆ ਦੱਸਿਆ ਕਿ ਸਾਡੇ ਸੱਤ ਪਿੰਡਾਂ ਦੇ ਕਰੀਬ 40 ਤੋਂ 50 ਬੱਚੇ ਹਨ। ਜਿਨ੍ਹਾਂ ਨੂੰ ਅੱਠਵੀਂ ਜਮਾਤ ਤੋਂ ਬਾਅਦ ਪਾਰਲੇ ਪਾਸੇ ਕਿਸ਼ਤੀ ਰਾਹੀਂ ਆ ਕੇ ਪੜ੍ਹਨ ਲਈ ਮਜ਼ਬੂਰ ਹੋਣਾ ਪੈਂਦਾ ਹੈ ਪਰ ਕਿਸ਼ਤੀ ਤੇ ਆਉਣ ਜਾਣ ਵਿੱਚ ਉਹਨਾਂ ਦਾ ਸਮਾਂ ਪੜ੍ਹਨ ਨਾਲੋਂ ਜ਼ਿਆਦਾ ਲਗਦਾ ਹੈ ਅਤੇ ਕਈ ਘੰਟੇ ਅੱਤ ਦੀ ਧੁੱਪ ਵਿੱਚ ਖੜ੍ਹ ਕੇ ਕਿਸ਼ਤੀ ਦੀ ਉਡੀਕ ਕਰਨੀ ਪੈਂਦੀ ਹੈ ਜਿਸ ਕਾਰਨ ਬੱਚਿਆਂ ਨੂੰ ਖੱਜਲ ਖੁਆਰ ਹੋਣਾ ਪੈਂਦਾ ਹੈ। ਉਹਨਾਂ ਕਿਹਾ ਕਿ ਪਿਛਲੇ ਕੁਝ ਸਮਾਂ ਪਹਿਲਾਂ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਅੱਠਵੀਂ ਤੋਂ ਉੱਪਰਲੇ ਪੱਧਰ ਦੀਆਂ ਕਲਾਸਾਂ ਤੱਕ ਪੜ੍ਹਨ ਵਾਲੇ ਬੱਚਿਆਂ ਲਈ ਸਰਕਾਰੀ ਮਿਡਲ ਸਕੂਲ ਭਰਿਆਲ ਵਿਖੇ ਹੀ ਟੀਚਰਾਂ ਨੂੰ ਭੇਜ ਕੇ ਪ੍ਰਬੰਧ ਕੀਤਾ ਜਾਂਦਾ ਸੀ ਪਰ ਇਸ ਵਾਰ ਕੋਈ ਧਿਆਨ ਨਹੀਂ ਦਿੱਤਾ ਜਾ ਰਿਹਾ ਹੈ ਜਿਸ ਕਾਰਨ ਰਾਵੀ ਪਾਰਲੇ ਪਿੰਡਾਂ ਦੇ ਬੱਚਿਆਂ ਦਾ ਭਵਿੱਖ ਖੋਖਲਾ ਹੁੰਦਾ ਨਜ਼ਰ ਆ ਰਿਹਾ ਹੈ। ਇਹਨਾਂ ਬੱਚਿਆਂ ਨੇ ਦੱਸਿਆ ਕਿ ਇਸ ਸਬੰਧੀ ਅਸੀਂ ਜ਼ਿਲ੍ਹਾ ਪ੍ਰਸ਼ਾਸਨ ਅਤੇ ਸਿੱਖਿਆ ਵਿਭਾਗ ਦੇ ਉੱਚ ਅਧਿਕਾਰੀਆਂ ਨੂੰ ਜਾਣੂ ਕਰਵਾ ਚੁੱਕੇ ਹਾਂ ਪਰ ਫਿਰ ਵੀ ਕਿਸੇ ਤਰ੍ਹਾਂ ਦਾ ਕੋਈ ਪ੍ਰਬੰਧ ਨਹੀਂ ਕੀਤਾ ਜਾ ਰਿਹਾ ਹੈ । ਉਹਨਾਂ ਦੱਸਿਆ ਕਿ ਬੱਚਿਆਂ ਦੇ ਅੱਜ ਪੇਪਰ ਚੱਲ ਰਹੇ ਹਨ ਜੋ ਬੱਚਿਆਂ ਵੱਲੋਂ ਨਹੀਂ ਦਿੱਤੇ ਜਾ ਰਹੇ ਕਿਉਂਕਿ ਕਿਸ਼ਤੀ ਦੇ ਆਉਣ ਜਾਣ ਲਈ ਬੱਚਿਆਂ ਨੂੰ ਕਈ ਘੰਟੇ ਦਰਿਆ ਦੇ ਕਿਨਾਰੇ ਖੜ੍ਹੇ ਹੋਣਾ ਪੈਂਦਾ ਹੈ। ਜਦ ਵੀ ਕਿਸ਼ਤੀ ਸਵਾਰੀਆਂ ਨਾਲ ਪੂਰੀ ਤਰ੍ਹਾਂ ਨਾਲ ਭਰਦੀ ਹੈ ਤਾਂ ਫਿਰ ਕਿਸ਼ਤੀ ਚਲਾਈ ਜਾਂਦੀ ਹੈ ਜਿਸ ਕਾਰਨ ਬੱਚਿਆਂ ਨੂੰ ਸਕੂਲ ਨਾ ਤਾਂ ਸਮੇਂ ਸਿਰ ਪਹੁੰਚਿਆ ਜਾਂਦਾ ਹੈ ਅਤੇ ਨਾ ਹੀ ਘਰ ਸਮੇਂ ਸਿਰ ਪਹੁੰਚੀਆ ਜਾਂਦਾ ਹੈ ਜਿਸ ਕਾਰਨ ਬੱਚੇ ਅੱਤ ਦੀ ਗਰਮੀ ਵਿੱਚ ਖੱਜਲ ਖੁਆਰ ਹੁੰਦੇ ਹਨ। ਇਸ ਮੌਕੇ ਇਹਨਾਂ ਸਮੂਹ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੇ ਪ੍ਰਸ਼ਾਸਨ ਕੋਲੋਂ ਅਤੇ ਸਿੱਖਿਆ ਵਿਭਾਗ ਦੇ ਉੱਚ ਅਧਿਕਾਰੀਆਂ ਕੋਲੋਂ ਮੰਗ ਕੀਤੀ ਹੈ ਕਿ ਸਾਡੇ ਬੱਚਿਆਂ ਦੇ ਭਵਿੱਖ ਨੂੰ ਖੋਖਲਾ ਹੋਣ ਤੋਂ ਬਚਾਉਣ ਲਈ ਜਲਦ ਤੋਂ ਜਲਦ ਰਾਵੀ ਪਾਰਲੇ ਪਾਸੇ ਸਕੂਲ ਵਿੱਚ ਨੌਵੀਂ ਤੋਂ ਬਾਰਵੀਂ ਕਲਾਸ ਤੱਕ ਦੇ ਵਿਦਿਆਰਥੀਆਂ ਨੂੰ ਪੜ੍ਹਾਉਣ ਦਾ ਪ੍ਰਬੰਧ ਕੀਤਾ ਜਾਵੇ ਤਾਂ ਕਿ ਸਾਡੇ ਬੱਚਿਆਂ ਦਾ ਭਵਿੱਖ ਖ਼ਰਾਬ ਨਾ ਹੋ ਸਕੇ।

## ਗੁਰੂ ਨਗਰੀ 'ਚ ਮੌਸਮ ਨੇ ਬਦਲਿਆ ਮਿਜਾਜ਼, ਹਲਕੀ ਬਾਰਿਸ਼ ਨਾਲ ਸ਼ਹਿਰ ਵਾਸੀਆਂ ਦੇ ਖਿੜੇ ਚਿਹਰੇ

**ਅੰਮ੍ਰਿਤਸਰ, 10 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਗੁਰੂ ਨਗਰੀ ਵਿਖੇ ਹੋਈ ਧੜੱਲੇਦਾਰ ਬਾਰਿਸ਼ ਨਾਲ ਸ਼ਹਿਰ ਵਾਸੀਆਂ ਦੇ ਚਿਹਰੇ ਖਿੜੇ ਨਜ਼ਰ ਆਏ। ਦੱਸ ਦੇਈਏ ਸ਼ਹਿਰ 'ਚ ਬੁੱਧਵਾਰ ਦੀ ਸਵੇਰ ਤੋਂ ਹੀ ਛਾਏ ਬੱਦਲਾਂ ਨੇ ਲੋਕਾਂ ਨੂੰ ਕੁਝ ਰਾਹਤ ਦਿੱਤੀ ਅਤੇ ਬਾਅਦ ਦੁਪਹਿਰ ਤੋਂ ਹੋਈ ਮੁਸਲਾਧਾਰ ਬਾਰਿਸ਼ ਨਾਲ ਸੜਕਾਂ 'ਤੇ ਛੋਟੇ ਬੱਚਿਆਂ ਤੋਂ ਲੈ ਕੇ ਹਰੇਕ ਵਿਅਕਤੀ ਮੀਂਹ ਨਾਲ ਨਹਾਉਂਦਾ ਦਿਖਾਈ ਦਿੱਤਾ। ਪਿਛਲੇ ਦਿਨਾਂ ਦੀ ਗਰਮੀ ਨੇ ਜਿੱਥੇ ਤਾਪਮਾਨ ਬਹੁਤ ਵਧਾ ਦਿੱਤਾ ਸੀ ਉੱਥੇ ਹੀ ਇਸ ਹੋਈ ਭਾਰੀ ਬਾਰਿਸ਼ ਨੇ ਤਾਪਮਾਨ ਵਿੱਚ ਬਹੁਤ ਜ਼ਿਆਦਾ ਗਿਰਾਵਟ ਲਿਆ ਦਿੱਤੀ। ਮੌਸਮ ਵਿਭਾਗ ਦੀ ਗੱਲ ਸੁਣੀਏ ਤਾਂ ਕਿਹਾ ਜਾ ਰਿਹਾ ਹੈ ਕਿ ਗੁਰੂ ਨਗਰੀ ਵਿਖੇ ਹੋਈ ਇਹ ਬਰਸਾਤ ਅਗਲੇ 24 ਘੰਟਿਆਂ ਵਿੱਚ ਹੋਰ ਵੀ ਵੱਧ ਪੈ ਸਕਦੀ ਹੈ। ਪਰ ਦੂਸਰੇ ਪਾਸੇ ਸ਼ਹਿਰ ਦੀਆਂ ਅੰਦਰੂਨੀ ਗਲੀਆਂ ਬਾਜ਼ਾਰ ਦੇਖੀਏ ਤਾਂ ਅੱਜ ਕੁਝ ਸਮੇਂ ਦੀ ਹੋਈ ਬਰਸਾਤ ਨੇ ਹੀ ਪਾਣੀ ਪਾਣੀ ਕਰ ਦਿੱਤੀਆਂ ਹਨ। ਜਿਸ ਨਾਲ ਲੋਕ ਨਿਗਮ ਪ੍ਰਸ਼ਾਸਨ ਨੂੰ ਕੋਸਦੇ ਨਜ਼ਰ ਆ ਰਹੇ ਸਨ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਅਤੇ ਹੋਰ ਧਾਰਮਿਕ ਸਥਾਨਾਂ ਤੇ ਦਰਸ਼ਨ ਕਰਨ ਆਉਣ ਵਾਲੇ ਸ਼ਰਧਾਲੂਆਂ ਦੀ ਗਿਣਤੀ ਵੀ ਘੱਟ ਨਜ਼ਰ ਆਈ । ਗਰਮੀ ਕਰਕੇ ਜਿੱਥੇ ਲੋਕ ਘਰੋਂ ਘੱਟ ਨਿਕਲਣਾ ਪਸੰਦ ਕਰਦੇ ਸਨ ਉੱਥੇ ਹੀ ਅੱਜ ਇਕ ਦਮ ਸ਼ੁਰੂ ਹੋਈ ਬਾਰਿਸ਼ ਨੇ ਇਲਾਕਾ ਨਿਵਾਸੀਆਂ ਨੂੰ ਕਾਫੀ ਰਾਹਤ ਪ੍ਰਦਾਨ ਕੀਤੀ ਪਰ ਇਸ ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸ਼ਰਧਾਲੂਆਂ ਦੀ ਗਿਣਤੀ ਕਾਫੀ ਘੱਟ ਨਜ਼ਰ ਆਈ।



## ਮੈਡੀਕਲ ਸਟੋਰਾਂ ਦੇ ਮਾਲਕਾਂ 'ਤੇ ਵਧੇਗੀ ਸਖਤੀ, ਜੇ ਸੀਸੀਟੀਵੀ ਦੀ ਨਿਗਰਾਨੀ ਬਗੈਰ ਵੇਚੀ ਦਵਾਈ ਤਾਂ ਹੋਵੇਗੀ ਕਾਰਵਾਈ !

**ਜਲੰਧਰ, 10 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਜਲੰਧਰ ਜ਼ਿਲ੍ਹੇ ਦੀ ਹਦੂਦ ਅੰਦਰ ਪੈਂਦੇ ਸਾਰੇ ਮੈਡੀਕਲ ਸਟੋਰਾਂ ਦੇ ਮਾਲਕਾਂ ਹੁਣ ਬਿਨਾਂ ਸੀ.ਸੀ.ਟੀ.ਵੀ. ਕੈਮਰਿਆਂ ਦੀ ਨਿਗਰਾਨੀ ਤੋਂ ਪਾਬੰਦੀਸ਼ੁਦਾ ਦਵਾਈਆਂ ਦੀ ਵਿਕਰੀ ਨਹੀਂ ਕਰਨਗੇ। ਇਹ ਆਦੇਸ਼ ਵਧੀਕ ਜ਼ਿਲ੍ਹਾ ਮੈਜਿਸਟਰੇਟ ਜਲੰਧਰ ਮੇਜਰ ਡਾ.ਅਮਿਤ ਮਹਾਜਨ ਵਲੋਂ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ, 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜਾਰੀ ਕੀਤੇ ਹਨ। ਇਸ ਸਬੰਧੀ ਸਾਰੇ ਮੈਡੀਕਲ ਸਟੋਰਾਂ ਦੇ ਮਾਲਕ ਆਪਣੇ-ਆਪਣੇ ਅਦਾਰੇ ਵਿੱਚ ਸੀ.ਸੀ.ਟੀ.ਵੀ. ਕੈਮਰੇ ਲਗਾਏ ਜਾਣ ਨੂੰ ਯਕੀਨੀ ਬਣਾਉਣਗੇ ਤੇ ਪਾਬੰਦੀਸ਼ੁਦਾ ਦਵਾਈਆਂ ) ਦਵਾਈਆਂ ਦੀ ਵਿਕਰੀ ਇਨ੍ਹਾਂ ਕੈਮਰਿਆਂ ਦੀ ਨਿਗਰਾਨੀ ਹੇਠ ਕਰਨ ਨੂੰ ਯਕੀਨੀ ਬਣਾਉਣਗੇ। ਇਨ੍ਹਾਂ ਕੈਮਰਿਆਂ ਅੰਦਰ ਘੱਟੋ-ਘੱਟ ਰਿਕਾਰਡਿੰਗ ਸਮੱਰਥਾ 01 ਮਹੀਨੇ ਦੀ ਹੋਣੀ ਚਾਹੀਦੀ ਹੈ। ਇਹ ਹੁਕਮ 10-07-2024 ਤੋਂ 09-09-2024 ਤੱਕ ਲਾਗੂ ਰਹੇਗਾ।

## ਹਾਈਕੋਰਟ ਵੱਲੋਂ ਸ਼ੰਭੂ ਬਾਰਡਰ ਖੋਲ੍ਹੇ ਜਾਣ ਦੇ ਹੁਕਮਾਂ ਤੋਂ ਬਾਅਦ ਜਗਜੀਤ ਸਿੰਘ ਡੱਲੇਵਾਲ ਦਾ ਵੱਡਾ ਐਲਾਨ

**ਪਟਿਆਲਾ, 10 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਹਾਈਕੋਰਟ ਵਲੋਂ ਹਰਿਆਣਾ ਸਰਕਾਰ ਨੂੰ ਸ਼ੰਭੂ ਬਾਰਡਰ ਖੋਲ੍ਹਣ ਅਤੇ ਬੈਰੀਕੇਡਿੰਗ ਹਟਾਉਣ ਦੇ ਦਿੱਤੇ ਹੁਕਮਾਂ ਤੋਂ ਬਾਅਦ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦਾ ਵੱਡਾ ਬਿਆਨ ਸਾਹਮਣੇ ਆਇਆ ਹੈ। ਡੱਲੇਵਾਲ ਨੇ ਹਾਈਕੋਰਟ ਦੇ ਫ਼ੈਸਲੇ ਦੀ ਸ਼ਲਾਘਾ ਕਰਦਿਆਂ ਆਖਿਆ ਹੈ ਕਿ ਜੇਕਰ ਬੈਰੀਕੇਡਿੰਗ ਖੁੱਲ੍ਹਦੀ ਹੈ ਤਾਂ ਅਸੀਂ ਦਿੱਲੀ ਜਾਵਾਂਗੇ, ਅਸੀਂ ਦਿਲ ਜਾਣ ਲਈ ਹੀ ਘਰੋਂ ਨਿਕਲੇ ਸੀ ਅਤੇ ਦਿੱਲੀ ਹੀ ਜਾਵਾਂਗੇ। 'ਜਗ ਬਾਣੀ' ਨਾਲ ਗੱਲਬਾਤ ਕਰਦੇ ਹੋਏ ਡੱਲੇਵਾਲ ਨੇ ਕਿਹਾ ਕਿ ਜੇ ਅੱਜ ਮਾਨਯੋਗ ਹਾਈਕੋਰਟ ਨੇ ਹਰਿਆਣਾ ਸਰਕਾਰ ਨੂੰ ਕਿਹਾ ਹੈ ਕਿ ਬੈਰੀਕੇਡ ਚੁੱਕੋ ਤਾਂ ਇਸ ਤੋਂ ਚੰਗੀ ਗੱਲ ਨਹੀਂ ਹੋ ਸਕਦੀ। ਮੈਂ ਇਹ ਵੀ ਕਹਾਂਗਾ ਕਿ ਹਾਈਕੋਰਟ ਦੇ ਇਸ ਫ਼ੈਸਲੇ ਤੋਂ ਸਾਫ ਹੋ ਗਿਆ ਹੈ ਕਿ ਕਿਸਾਨਾਂ ਦਾ ਕੋਈ ਕਸੂਰ ਨਹੀਂ ਹੈ, ਕਿਸਾਨ ਬੇਕਸੂਰ ਹਨ ਅਤੇ ਬੇਕਸੂਰ ਕਿਸਾਨਾਂ 'ਤੇ ਹਰਿਆਣਾ ਸਰਕਾਰ ਨੇ ਗੋਲ਼ੀਆਂ ਚਲਾਈਆਂ, ਜਿਸ ਵਿਚ ਸਾਡਾ ਨੌਜਵਾਨ ਸ਼ੁੱਭਕਰਨ ਸ਼ਹੀਦ ਹੋ ਗਿਆ।



**ਕੀ ਹੈ ਪੂਰਾ ਮਾਮਲਾ :** ਪੰਜਾਬ ਅਤੇ ਹਰਿਆਣਾ ਹਾਈਕੋਰਟ ਵਲੋਂ ਸ਼ੰਭੂ ਬਾਰਡਰ 'ਤੇ ਬੰਦ ਰਾਹ ਖੋਲ੍ਹਣ ਦੇ ਹੁਕਮ ਜਾਰੀ ਕੀਤੇ ਗਏ ਹਨ। ਹਾਈਕੋਰਟ ਨੇ ਕਿਹਾ ਹੈ ਕਿ ਹਰਿਆਣਾ ਸਰਕਾਰ ਇਕ ਹਫ਼ਤੇ ਦੇ ਅੰਦਰ ਬੈਰੀਕੇਡ ਹਟਾ ਲਵੇ। ਇਸ ਦੇ ਨਾਲ ਹੀ ਅਦਾਲਤ ਨੇ ਹਰਿਆਣਾ ਸਰਕਾਰ ਨੂੰ ਇਕ ਹਫ਼ਤੇ ਅੰਦਰ ਸੜਕ ਸਾਫ਼ ਕਰਨ ਅਤੇ ਬੈਰੀਕੇਟ ਹਟਾਉਣ ਦੇ ਹੁਕਮ ਦਿੱਤੇ ਹਨ। ਹਾਈਕੋਰਟ ਨੇ ਕਿਹਾ ਕਿ ਸਰਹੱਦ 'ਤੇ ਸਥਿਤੀ ਸਾਫ਼ ਹੈ ਅਤੇ ਕਿਸਾਨਾਂ ਦੀ ਕੇਂਦਰ ਸਰਕਾਰ ਤੋਂ ਮੰਗ ਹੈ। ਇਸ ਲਈ ਉਨ੍ਹਾਂ ਨੂੰ ਦਿੱਲੀ ਵੱਲ ਜਾਣ ਦੀ ਇਜਾਜ਼ਤ ਦਿੱਤੀ ਜਾਣੀ ਚਾਹੀਦੀ ਹੈ।

**5 ਮਹੀਨਿਆਂ ਤੋਂ ਬੰਦ ਹੈ ਸ਼ੰਭੂ ਬਾਰਡਰ :** ਦੱਸ ਦੇਈਏ ਕਿ ਕਿਸਾਨਾਂ ਨੇ ਐੱਮ. ਐੱਸ.ਪੀ.ਕਾਨੂੰਨੀ ਗਾਰੰਟੀ ਸਮੇਤ ਆਪਣੀਆਂ ਮੰਗਾਂ ਕਾਰਨ ਪਿਛਲੇ 5 ਮਹੀਨਿਆਂ ਤੋਂ ਸ਼ੰਭੂ ਬਾਰਡਰ 'ਤੇ ਧਰਨਾ ਲਾਇਆ ਹੋਇਆ ਹੈ ਕਿਉਂਕਿ ਉਨ੍ਹਾਂ ਨੂੰ ਦਿੱਲੀ ਵੱਲ ਕੂਚ ਨਹੀਂ ਕਰਨ ਦਿੱਤਾ ਜਾ ਰਿਹਾ ਸੀ। ਕਿਸਾਨ ਲੋਕ ਸਭਾ ਚੋਣਾਂ ਤੋਂ ਪਹਿਲਾਂ ਦਿੱਲੀ ਕੂਚ ਕਰਨਾ ਚਾਹੁੰਦੇ ਸਨ। ਪੰਜਾਬ ਦੇ ਕਿਸਾਨਾਂ ਨੂੰ ਰੋਕਣ ਲਈ ਹਰਿਆਣਾ ਪੁਲਸ ਨੇ ਇੱਥੇ 7 ਲੇਅਰ ਬੈਰੀਕੇਡਿੰਗ ਕੀਤੀ ਹੋਈ ਹੈ।




pakistan gurdwara yatra

6th november to 16th november 2024
yatra includes 25+ gurudwara sahib darshan .Accommodation in hotels and travel within pakistan and yatra start to finish point in AC coaches

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1095**

Important Note: The Jatha will depart from Jalandhar Punjab from 6th November Jalandhar to 16th November 2024 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1095 pounds including visa, transport, hotel stay and break fast.

Note: It does not include flight ticket and insurance, it has to be done by the passenger himself.

ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 6 ਨਵੰਬਰ ਜਲੰਧਰ ਤੋਂ 16 ਨਵੰਬਰ 2024 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਸਮੇਤ 1095 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।


*-- ਗੁਰੂ ਪੰਥ ਦੇ ਸੇਵਾਦਾਰ --*

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿੰਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ ਪਿੰਡ ਰੋਡੇ 2.6.1947 Birth Pind Rode
ਸ਼ਹੀਦੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ 6.6.1984 Shaheedi Sri Darbar Sahib Amritsar


www.damdamitaksal.net
Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਦਮਦਮੀ ਟਕਸਾਲ — ਜਥਾ ਭਿੰਡਰਾਂ (ਮਹਿਤਾ)
ਨਾਮ ਜਪੋ ਕਿਰਤ ਕਰੋ ਵੰਡ ਛਕੋ — Naam Japo Kirat Karo Vand Shako
www.damdamitaksal.net
ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
Raghbir Singh Walsal
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243



ਆਵਾਜ਼ਿ ਕੌਮ AWAZE QAUM TV





ਭਾਈ ਰਘਬੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

# ਮਾਸਟਰ ਪੁਸਤਕ ਭੰਡਾਰ 'ਤੇ ਤੜਕਸਾਰ ਚੱਲੀਆਂ ਗੋਲੀਆਂ ਨਾਲ ਮਚੀ ਦਹਿਸ਼ਤ



**ਚੌਕ ਮਹਿਤਾ, 10 ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ)**- ਅੱਜ ਸਵੇਰੇ ਤੜਕਸਾਰ ਸਥਾਨਕ ਕਸਬੇ ਅੰਦਰ ਚੱਲੀਆ ਗੋਲੀਆਂ ਨੇ ਇਲਾਕੇ ਅੰਦਰ ਡਰ ਫੈਲਾ ਕੇ ਰੱਖ ਦਿੱਤੀ ਹੈ।ਇਹ ਹਮਲਾ ਅੰਮ੍ਰਿਤਸਰ ਰੋਡ ਦਾਣਾ ਮੰਡੀ ਸਾਹਮਣੇ ਸਥਿਤ ਕਾਪੀਆਂ-ਕਿਤਾਬਾਂ ਤੇ ਸਟੇਸ਼ਨਰੀ ਦੀ ਦੁਕਾਨ ਮਾਸਟਰ ਪੁਸਤਕ ਭੰਡਾਰ 'ਤੇ ਕੀਤਾ ਗਿਆ ਸੀ,ਜਿਸ ਦੌਰਾਨ ਗੋਲੀਆਂ ਲੱਗਣ ਨਾਲ ਦੁਕਾਨ ਦਾ ਫਰੰਟ ਸ਼ੀਸ਼ਾ ਟੁੱਟ ਕੇ ਚਕਨਾਚੂਰ ਹੋ ਗਿਆ ਤੇ ਇੱਕ ਗੋਲੀ ਅੰਦਰ ਪਏ ਕਾਊਂਟਰ 'ਤੇ ਵੀ ਲੱਗੀ।ਭਾਂਵੇਂ ਕਿ ਇਸ ਹਮਲੇ ਅੰਦਰ ਕਿਸੇ ਤਰ੍ਹਾਂ ਦਾ ਕੋਈ ਜਾਨੀ ਨੁਕਸਾਨ ਨਹੀਂ ਹੋਇਆ ਪਰ ਸਵੇਰੇ ਸਵੇਰ ਅਣਪਛਾਤੇ ਨੌਜਵਾਨਾਂ ਵੱਲੋਂ ਦੁਕਾਨ ਉੱਪਰ ਸ਼ਰੇਆਮ ਗੋਲੀਆ ਚਲਾਏ ਜਾਣ ਨਾਲ ਹੋਰ ਦੁਕਾਨਦਾਰਾਂ ਦੇ ਮਨਾਂ 'ਚ ਭਾਰੀ ਦਹਿਸ਼ਤ ਦਾ ਮਾਹੌਲ ਪਾਇਆ ਜਾ ਰਿਹਾ ਹੈ।


ਆਵਾਜ਼ਿ ਕੌਮ AWAZE QAUM
International Newspaper & WEB TV


ਇਸ ਹਮਲੇ ਤੋਂ ਪੀੜਤ ਦੁਕਾਨ ਮਾਲਕ ਜਗਜੀਤ ਸਿੰਘ ਮਿੱਠੂ ਸਪੁੱਤਰ ਜਥੇਦਾਰ ਤਰਸੇਮ ਸਿੰਘ ਨੇ ਜਾਣਕਾਰੀ ਸਾਂਝੀ ਕਰਦਿਆ ਦੱਸਿਆ ਕਿ ਇਹ ਹਮਲਾ ਸਵੇਰੇ 8.30 'ਤੇ ਕੀਤਾ ਗਿਆ ਸੀ,ਜਿਸ ਦੌਰਾਨ ਉਹ ਰੋਜ਼ਾਨਾ ਵਾਂਗ ਆਪਣੀ ਦੁਕਾਨ 'ਤੇ ਮੌਜੂਦ ਸਨ ਉਨ੍ਹਾਂ ਦੱਸਿਆ ਕਿ ਦੋ ਅਣਪਛਾਤੇ ਨੌਜਵਾਨ,ਜਿੰਨ੍ਹਾਂ ਨੇ ਕੱਪੜੇ ਨਾਲ ਮੂੰਹ ਢੱਕਿਆ ਹੋਇਆ ਸੀ,ਮੋਟਰਸਾਈਕਲ 'ਤੇ ਆਏ ਤੇ ਸਾਹਮਣੇ ਸੜਕ ਤੋਂ ਚੱਲਦੇ ਚੱਲਦੇ ਉਨ੍ਹਾਂ ਵੱਲੋਂ ਦੁਕਾਨ ਵੱਲ ਨੂੰ ਫਾਇਰ ਕੀਤੇ ਗਏ,ਜਿਸ ਨਾਲ ਦੁਕਾਨ ਦੇ ਅੱਗੇ ਲੱਗਾ ਸ਼ੀਸ਼ਾ ਟੁੱਟ ਗਿਆ ਤੇ ਇੱਕ ਗੋਲੀ ਅੰਦਰ ਪਏ ਕਾਊਂਟਰ 'ਤੇ ਵੀ ਜਾ ਕੇ ਲੱਗੀ।ਇਸਤੋਂ ਬਾਅਦ ਉਕਤ ਹਮਲਾਵਰ ਉੱਥੋਂ ਫਰਾਰ ਹੋ ਗਏ।ਉਨ੍ਹਾਂ ਕਿਹਾ ਕਿ ਇਸ ਦੌਰਾਨ ਉਹ ਕਾਊਟਰ ਦੇ ਕੋਲ ਖਲੋ ਕਿ ਆਪਣਾ ਕੰਮ ਕਰ ਰਹੇ ਸਨ ਤੇ ਹਮਲਾਵਰਾਂ ਵੱਲੋਂ ਚਲਾਈ ਗਈ ਗੋਲੀ ਨਾਲ ਉਨ੍ਹਾਂ ਦਾ ਆਪਣਾ ਜਾਨੀ ਨੁਕਸਾਨ ਵੀ ਹੋ ਸਕਦਾ ਸੀ।ਇਸ ਹਮਲੇ ਸਬੰਧੀ ਦੁਕਾਨ ਮਾਲਕ ਨੇ ਕੁਝ ਵਿਅਕਤੀਆ ਦਾ ਨਾਮ ਪੁਲਿਸ ਨੂੰ ਨਸ਼ਰ ਕੀਤਾ ਗਿਆ ਹੈ,ਜਿੰਨ੍ਹਾਂ ਨਾਲ ਬੀਤੀ ਰਾਤ ਉਸਦੀ ਪਟਾਕਿਆਂ ਨੂੰ ਲੈ ਕੇ ਤਕਰਾਰਬਾਜ਼ੀ ਹੋ ਗਈ ਸੀ।

ਥਾਣਾ ਮਹਿਤਾ ਤੋਂ ਐੱਸ.ਐੱਚ.ਓ. ਗਗਨਦੀਪ ਸਿੰਘ ਨੇ ਇਸ ਘਟਨਾ ਸਬੰਧੀ ਬੋਲਦੇ ਹੋਏ ਕਿਹਾ ਕਿ ਸ਼ਿਕਾਇਤ ਕਰਤਾ ਜਗਜੀਤ ਸਿੰਘ ਦੇ ਬਿਆਨਾਂ 'ਤੇ ਮਾਮਲਾ ਦਰਜ ਕਰਦੇ ਹੋਏ ਦੋ ਦੋਸ਼ੀਆਂ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ ਤੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।


24 HOURS SERVICE EVERYDAY
PURE AND NATURAL 100% VEGETARIAN
Enjoy Real Taste of PUNJAB
KD
FULLY A.C. HALL
Khehra VAISHNO DHABA
BREAKFAST LUNCH DINNER
OUR SPECIALIZATION : Au Important Ingredients used to Prepare Dishes are Grown in our own farmes.
Soup
Burger
Sandwich
Pizza
Grilled Breads
Continental Fast Food
Tandoori Snacks
Tandoori Breads
Biryani Khas
Beverages
Shakes
Desserts
Punjabi Snacks
South Indian
Kathi Roll
Pasta
Chines Food
Raita Salad
V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757





We Accept Online & Card Payment



ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243



ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਸਲਾਨਾ ਜੋੜ ਮੇਲਾ
ਧੰਨ–ਧੰਨ ਮਾਤਾ ਸਾਹਿਬ ਕੌਰ ਜੀ
ਜਥੇਦਾਰ ਬਾਬਾ ਖੜਕ ਸਿੰਘ ਨਿਹੰਗ ਸਿੰਘ ਜੀ
ਗੁਰਮਤਿ ਸਮਾਗਮ
3 ਨਵੰਬਰ 2024 ਦਿਨ ਐਤਵਾਰ ਨੂੰ
ਗੁਰਦੁਆਰਾ ਸ਼ਹੀਦਾਂ, ਜੱਸੋਵਾਲ
(ਬੱਬਰਾਂ ਦਾ ਹਾਈਕੋਰਟ)
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ,
ਪ੍ਰਧਾਨ ਭਾਈ ਲਾਲੋ ਜੀ ਸੰਤ ਸਮਾਜ, ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਸੰਪਰਕ ਨੰਬਰ
98141-27470




ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ
ਰੰਧਾਵਾ ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।
✚ ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜ਼ਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446




ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ਼ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੂ ਕੋਟਿ ਪੈਂਡਾ ਆਗੇ ਹੋਏ ਲੇਤ ਹੈ ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 6 ਨਵੰਬਰ 2024 ਤੋਂ 16 ਨਵੰਬਰ 2024 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1095**

**Important Note:** The Jatha will depart from Jalandhar Punjab from 6th November Jalandhar to 16th November 2024 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1095 pounds including visa, transport, hotel stay and break fast.

**Note: It does not include flight ticket and insurance, it has to be done by the passenger himself.**

**ਜਰੂਰੀ ਨੋਟ :** ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 6 ਨਵੰਬਰ ਜਲੰਧਰ ਤੋਂ 16 ਨਵੰਬਰ 2024 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ ।ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਸਮੇਤ 1095 ਪੌਂਡ ਹੋਵੇਗਾ।

**ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।**

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।

☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

**ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।**

**BOOK YOUR SEATS NOW**

*-- ਗੁਰੂ ਪੰਥ ਦੇ ਸੇਵਾਦਾਰ --*

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿੰਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

Website : www.nsycuk.com
E-mail : gnstuk@hotmail.com

# HAYES PLANT HIRE

## WE TRAIN YOU GAIN

NPORS ACCREDITED


Telescopic Handler


Excavator 360


Road Roller


Forward Tipping Dumper


Tractor


Dozer

Plant Training and Testing on All CATEGORIES OF **MACHINERY.**


Dump Truck

# HAYES PLANT HIRE

ਉਪਰੋਕਤ ਮਸ਼ੀਨਾਂ ਦੇ ਲਾਇਸੈਂਸ ਪ੍ਰਾਪਤ ਕਰਨ ਲਈ ਸੰਪਰਕ ਕਰੋ

NROPS Accredited

ਉਪਰੋਕਤ ਹਰ ਤਰ੍ਹਾਂ ਦੀ ਮਸ਼ੀਨਰੀ ਦੀ ਟਰੇਨਿੰਗ ਅਤੇ ਟੈਸਟਿੰਗ ਦੀ ਸਿਖਲਾਈ ਦਿੱਤੀ ਜਾਂਦੀ ਹੈ।

**CONTACT- 07831543004**

Hollis Farm, Clay Cross Chesterfield. S45 9BA

01246864370

ਆਵਾਜ਼ਿ ਕੌਮ AWAZE QAUM International Newspaper & WEB TV

CALL US TO BOOK YOUR CSCS LEVEL ONE COURSE.

**07715 1-28621**





KHALSA FORGE

Explore a stunning collection of high-quality Damascus and Sarbloh Kirpans, meticulously crafted for excellence.
www.khalsaforge.com

# ਖਾਲਸਾ ਫੋਰਜ

☛ ਉੱਚ ਕੁਆਲਿਟੀ ਦੀਆਂ ਸਰਬਲੋਹ ਕਿਰਪਾਨਾਂ ਅਤੇ ਗਾਤਰਾ ਸਾਹਿਬ ਖ਼ਰੀਦਣ ਲਈ ਸੰਪਰਕ ਕਰੋ।

☛ ਆਨਲਾਈਨ ਆਰਡਰ ਵੀ ਬੁੱਕ ਕੀਤੇ ਜਾਂਦੇ ਹਨ।






www.khalsaforge.com




# ਸ: ਹਰਭਜਨ ਸਿੰਘ ਹੁੰਦਲ ਦੀ ਵੱਡਮੁੱਲੀ ਸਾਹਿਤਕ ਦੇਣ ਅਤੇ ਜੁਝਾਰੂ ਵਿਰਾਸਤ ਨੂੰ ਸਮਰਪਿਤ ਵਿਚਾਰ ਚਰਚਾ ਸਮਾਗਮ

**ਚੌਕ ਮਹਿਤਾ, 10 ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ)** -ਤੀਬੱਧ ਸ਼ਾਇਰ ਅਤੇ ਲੋਕ ਘੋਲਾਂ ਦੇ ਮਿਸਾਲੀ ਜਰਨੈਲ ਸ: ਹਰਭਜਨ ਸਿੰਘ ਹੁੰਦਲ ਦੀ ਪਹਿਲੀ ਬਰਸੀ ਮੌਕੇ ਉਨ੍ਹਾਂ ਦੀ ਵੱਡਮੁੱਲੀ ਸਾਹਿਤਕ ਦੇਣ ਅਤੇ ਜੁਝਾਰੂ ਵਿਰਾਸਤ ਨੂੰ ਸਮਰਪਿਤ ਵਿਚਾਰ ਚਰਚਾ ਸਮਾਗਮ ਮਾਨ ਚਾਹਲ ਰੈਸਟੋਰੈਂਟ, ਢਿਲਵਾਂ ਵਿਖੇ ਕਰਵਾਇਆ ਗਿਆ । ਇਸ ਮੌਕੇ ਪ੍ਰਧਾਨਗੀ ਮੰਡਲ ਵਿੱਚ ਕਾਮਰੇਡ ਮੰਗਤ ਰਾਮ ਪਾਸਲਾ, ਮਾਤਾ ਰਘਬੀਰ ਕੌਰ ਹੁੰਦਲ, ਕੇਂਦਰੀ ਪੰਜਾਬੀ ਲੇਖਕ ਸਭਾ ਦੇ ਜਨਰਲ ਸਕੱਤਰ ਸੁਸ਼ੀਲ ਦੁਸਾਂਝ, ਸਾਬਕਾ ਜਨਰਲ ਸਕੱਤਰ ਡਾ: ਕਰਮਜੀਤ ਸਿੰਘ, ਸਕੱਤਰ ਦੀਪ ਦਵਿੰਦਰ ਸਿੰਘ, ਕਾਰਜਾਕਰਨੀ ਮੈਂਬਰ ਮੱਖਣ ਕੁਹਾੜ, ਕੁਲਵਿੰਦਰ ਕੌਰ ਬੁੱਟਰ, ਹਰਪ੍ਰੀਤ ਸਿੰਘ ਹੁੰਦਲ, ਆਦਿ ਸ਼ੁਸ਼ੋਭਿਤ ਹੋਏ । ਇਸ ਮੌਕੇ ਮੁੱਖ ਵਕਤਾ ਸ਼ਾਇਰ ਹਰਵਿੰਦਰ ਭੰਡਾਲ ਨੇ ਹਰਭਜਨ ਸਿੰਘ ਹੁੰਦਲ ਦੇ ਸੰਘਰਸ਼ਮਈ ਜੀਵਨ, ਉਨ੍ਹਾਂ ਦੇ ਕਾਵਿ ਸੰਸਾਰ ਸਬੰਧੀ ਬਹੁਤ ਹੀ ਭਾਵਪੂਰਤ ਸ਼ਬਦਾਂ ਰਾਹੀ ਪੇਸ਼ਕਾਰੀ ਕੀਤੀ, ਉਪਰੰਤ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਜਨਰਲ ਸਕੱਤਰ ਸੁਸ਼ੀਲ ਦੁਸਾਂਝ, ਮੀਤ ਪ੍ਰਧਾਨ ਸ਼ੇਲਿੰਦਰਜੀਤ ਸਿੰਘ ਰਾਜਨ, ਕੰਵਰ ਇਕਬਾਲ, ਡਾ: ਕਰਮਜੀਤ ਸਿੰਘ ਨਡਾਲਾ, ਡਾ: ਗੋਪਾਲ ਸਿੰਘ ਬੁੱਟਰ ਸਮੇਤ ਵੱਖ-ਵੱਖ ਬੁਲਾਰਿਆਂ ਨੇ ਸ: ਹੁੰਦਲ ਨਾਲ ਬਿਤਾਏ ਪਲਾਂ ਨੂੰ ਯਾਦ ਕੀਤਾ । ਇਸ ਦੌਰਾਨ ਸ: ਹੁੰਦਲ ਦੀ ਪੁਸਤਕ "ਜੰਗਨਾਮਾ" ਵੀ ਲੋਕ ਅਰਪਿਤ ਕੀਤੀ ਗਈ । ਕੇਂਦਰੀ ਪੰਜਾਬੀ ਲੇਖਕ ਸਭਾ ਵੱਲੋਂ ਜਿੱਥੇ ਸ: ਹੁੰਦਲ ਦੀ ਯਾਦ ਨੂੰ ਸਮਰਪਿਤ ਹਰ ਸਾਲ ਸਮਾਗਮ ਰਚਾਉਣ, ਉਨ੍ਹਾਂ ਦੀ ਯਾਦ ਵਿੱਚ ਯਾਦਗਾਰੀ ਐਵਾਰਡ ਦੇਣ ਦਾ ਐਲਾਨ ਕੀਤਾ ਗਿਆ, ਉਥੇ ਉਨ੍ਹਾਂ ਦੀ ਅਣਛਪਤੀਆਂ ਕਿਰਤਾਂ ਨੂੰ ਵੀ ਛਪਾਉਣ ਦਾ ਐਲਾਨ ਕੀਤਾ ਗਿਆ । ਮੰਚ ਸੰਚਾਲਨ ਡਾ: ਤੇਜਿੰਦਰ ਵਿਰਲੀ ਨੇ ਨਿਭਾਇਆ । ਹਰਪ੍ਰੀਤ ਸਿੰਘ ਹੁੰਦਲ ਨੇ ਅਖੀਰ ਵਿੱਚ ਸਭ ਦਾ ਧੰਨਵਾਦ ਕੀਤਾ । ਇਸ ਮੌਕੇ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਸੀ: ਮੀਤ ਪ੍ਰਧਾਨ ਮੱਖਣ ਸਿੰਘ ਭੈਣੀਵਾਲਾ, ਖਜ਼ਾਨਚੀ ਮਾ: ਮਨਜੀਤ ਸਿੰਘ ਵੱਸੀ, ਮੈਡਮ ਸੁਖਵੰਤ ਕੌਰ ਵੱਸੀ, ਰਾਜਵਿੰਦਰ ਕੌਰ ਰਾਜ, ਸੁਰਿੰਦਰ ਖਿਲਚੀਆਂ, ਬਖਤਾਵਰ ਧਾਲੀਵਾਲ, ਹਰਜੀਤ ਸਿੰਘ ਸੰਧੂ, ਨਿਰਮਲ ਸਿੰਘ ਖੱਖ, ਸ਼ਿਹਬਾਜ ਖਾਨ, ਸੁੱਲਖਣ ਸਿੰਘ ਕੰਗ, ਅਵਤਾਰ ਸਿੰਘ, ਮੱਖਣ ਸਿੰਘ, ਗੁਰਭਜਨ ਸਿੰਘ ਲਾਸਾਨੀ, ਅਸ਼ੋਕ ਟਾਂਡੀ, ਜਨਕਪ੍ਰੀਤ ਸਿੰਘ ਬੇਗੋਵਾਲ, ਕੁਲਦੀਪ ਪਾਠਕ, ਇੰਦਰਜੀਤ ਸਿੰਘ ਪੱਡਾ, ਹਰ ਤੇਜਿੰਦਰ ਸਿੰਘ, ਪ੍ਰਿੰਸੀਪਲ ਅੰਜੂ ਸ਼ਰਾਮ ਸਮੇਤ ਵੱਡੀ ਗਿਣਤੀ ਵਿੱਚ ਸਾਹਿਤਕਾਰਾਂ ਅਤੇ ਸਖਸ਼ੀਅਤਾਂ ਨੇ ਹਾਜ਼ਰੀ ਭਰੀ ।

ਆਵਾਜ਼ਿ ਕੌਮ AWAZE QAUM International Newspaper & WEB TV





# ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਪ੍ਰਧਾਨ ਜਥੇਦਾਰ ਭੁਪਿੰਦਰ ਸਿੰਘ ਅਸੰਧ ਚੇਅਰਮੈਨ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਦੀ ਅਗਵਾਈ ਵਿੱਚ ਪੁੱਜੀ

## ਪਿੰਡ ਅਮੂਪੁਰ ਕਰਨਾਲ,ਹਰਿਆਣਾ ਕਮੇਟੀ ਲੈ ਕੇ ਦੇਵੇਗੀ ਸਿੱਖ ਪ੍ਰੀਵਾਰਾਂ ਨੂੰ ਘਰ ਬਣਾਉਣ ਲਈ ਜ਼ਮੀਨ

















ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਕਲਮਾਂ ਦੇ ਰੰਗ ਸਾਹਿਤ ਸਭਾ (ਰਜਿ.) ਫ਼ਰੀਦਕੋਟ ਵੱਲੋਂ

# ਰੂ-ਬ-ਰੂ, ਕਵੀ ਦਰਬਾਰ, ਗੀਤ ਰਿਲੀਜ਼ ਸਮਾਰੋਹ ਕਰਵਾਇਆ




**ਫ਼ਰੀਦਕੋਟ, 10 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਕਲਮਾਂ ਦੇ ਰੰਗ ਸਾਹਿਤ ਸਭਾ (ਰਜਿ.) ਫ਼ਰੀਦਕੋਟ ਵੱਲੋਂ ਬੀ.ਪੀ.ਈ.ਓ. ਦਫ਼ਤਰ ਫ਼ਰੀਦਕੋਟ ਵਿਖੇ ਇੱਕ ਸ਼ਾਨਦਾਰ ਸਾਹਿਤਕ ਸਮਾਗਮ ਦਾ ਆਯੋਜਨ ਕੀਤਾ ਗਿਆ ਜਿਸਦੇ ਤਹਿਤ ਰੂ-ਬ-ਰੂ, ਕਵੀ ਦਰਬਾਰ, ਗੀਤ ਰਿਲੀਜ਼ ਸਮਾਰੋਹ ਕਰਵਾਇਆ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV




ਇਸ ਸਮਾਗਮ ਵਿੱਚ ਡਾ. ਮਨਜੀਤ ਭੱਲਾ (ਸੇਵਾ-ਮੁਕਤ ਸਹਾਇਕ ਸਿਵਲ ਸਰਜਨ) ਨੇ ਮੁੱਖ ਮਹਿਮਾਨ ਵਜੋਂ ਅਤੇ ਸ. ਜਸਕਰਨ ਸਿੰਘ (ਬੀ.ਪੀ.ਈ.ਓ. ਫ਼ਰੀਦਕੋਟ-2) ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ। ਸਮਾਗਮ ਦੀ ਸ਼ੁਰੂਆਤ ਵਿੱਚ ਸਭਾ ਦੇ ਚੇਅਰਮੈਨ ਪ੍ਰੋ. ਬੀਰ ਇੰਦਰ ਸਰਾਂ ਨੇ ਮਹਿਮਾਨਾਂ, ਸਰੋਤਿਆਂ ਅਤੇ ਪੱਤਰਕਾਰਾਂ ਵੀਰਾਂ ਨੂੰ 'ਜੀ ਆਇਆਂ' ਆਖਿਆ। ਇਸ ਮੌਕੇ ਮਾਣਮੱਤੇ ਸ਼ਾਇਰ ਅਤੇ ਉੱਘੇ ਕਵੀ ਕੁਲਵਿੰਦਰ ਵਿਰਕ ਦਾ ਰੂ-ਬ-ਰੂ ਕਰਵਾਇਆ ਗਿਆ, ਪ੍ਰਸਿੱਧ ਗ਼ਜ਼ਲਗੋ ਸਿਕੰਦਰ ਚੰਦਭਾਨ ਵੱਲੋ ਉਹਨਾਂ ਦੀ ਜ਼ਿੰਦਗੀ ਅਤੇ ਸਾਹਿਤਕ ਸਫ਼ਰ ਤੇ ਗੱਲਬਾਤ ਕੀਤੀ , ਇਸ ਸਮੇ 'ਵਿਰਕ ਸਾਹਿਬ' ਆਪਣੀਆ ਖੱਟੀਆਂ ਮਿੱਠੀਆਂ ਯਾਦਾਂ ਸਾਂਝੀਆਂ ਕੀਤੀਆ ਅਤੇ ਆਪਣੀਆਂ ਕਵਿਤਾਵਾਂ ਨਾਲ ਸਰੋਤਿਆਂ ਦਾ ਮਨ ਨੂੰ ਟੁੰਬਿਆ।

ਇਸ ਸਮੇ ਉੱਘੀ ਲੋਕ ਗਾਇਕਾ ਸਰਬਜੀਤ ਕੌਰ ਫ਼ਿਰੋਜ਼ਪੁਰ ਤੇ ਮਨਜੀਤ ਸਿੰਘ ਗੀਤ 'ਦਾਦੇ ਵਾਲੀ ਰਫ਼ਲ' ਦਾ ਪੋਸਟਰ ਲੋਕ ਅਰਪਣ ਕੀਤਾ ਗਿਆ ਜਿਸਨੂੰ ਸਰਬਜੀਤ ਕੌਰ ਤੇ ਮਨਜੀਤ ਸਿੰਘ ਆਪਣੀ ਖ਼ੂਬਸੂਰਤ ਆਵਾਜ਼ ਵਿੱਚ ਗਾ ਕੇ ਸਰੋਤਿਆਂ ਨੂੰ ਕੀਲ ਕੇ ਰੱਖ ਦਿੱਤਾ। ਸਮਾਗ.ਮ ਵਿੱਚ ਆਸ-ਪਾਸ ਦੇ ਇਲਾਕਿਆਂ ਤੋਂ ਪਹੁੰਚੇ ਕਵੀਆਂ ਦਾ ਕਵੀ ਦਰਬਾਰ ਕਰਵਾਇਆਗਿਆ । ਜਿਸ ਵਿੱਚ ਸਭ ਨੇ ਆਪਣੀਆਂ ਖ਼ੂਬਸੂਰਤ ਕਵਿਤਾਵਾਂ ਰਾਹੀਂ ਮਾਹੌਲ ਨੂੰ ਖੁਸ਼ਨੁਮਾ ਬਣਾਈ ਰੱਖਿਆ।

ਅੰਤ ਵਿੱਚ ਸਭਾ ਦੇ ਪ੍ਰਧਾਨ ਸ਼ਿਵਨਾਥ ਦਰਦੀ ਨੇ ਮਹਿਮਾਨਾਂ, ਸਰੋਤਿਆਂ ਅਤੇ ਪੱਤਰਕਾਰਾਂ ਦਾ ਸਮਾਗਮ ਵਿੱਚ ਸ਼ਿਰਕਤ ਕਰਨ ਤੇ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਸਭਾ ਦੇ ਸਮੂਹ ਅਹੁਦੇਦਾਰਾਂ ਨਾਲ ਮਿਲ ਕੇ ਸਨਮਾਨਿਤ ਕੀਤਾ।ਉਹਨਾਂ ਦੱਸਿਆ ਕਿ ਇਸ ਸਮਾਗਮ ਨੂੰ ਸਫ਼ਲਤਾਪੂਰਵਕ ਨੇਪਰੇ ਚਾੜ੍ਹਨ ਲਈ ਸਭਾ ਦੇ ਮੀਤ ਪ੍ਰਧਾਨ ਗੁਰਜੀਤ ਹੈਰੀ ਢਿੱਲੋਂ, ਰਾਜ ਗਿੱਲ ਭਾਣਾ, ਸਕੱਤਰ ਸਰਬਰਿੰਦਰ ਸਿੰਘ ਬੇਦੀ, ਸਹਾਇਕ ਖ਼ਜਾਨਚੀ ਸੁਖਵੀਰ ਸਿੰਘ ਬਾਬਾ, ਵਿੱਤ ਸਕੱਤਰ ਕੇ.ਪੀ. ਸਿੰਘ, ਕਾਨੂੰਨੀ ਸਲਾਹਕਾਰ ਪਰਦੀਪ ਸਿੰਘ, ਮੁਖਤਿਆਰ ਸਿੰਘ ਵੰਗੜ, ਡਾ. ਨਿਰਮਲ ਕੌਸ਼ਿਕ, ਸੁਰਜੀਤ ਸਿੰਘ, ਬਲਵੰਤ ਗੱਖੜ, ਜਸਵੀਰ ਫ਼ੀਰਾ, ਸਿਕੰਦਰ ਚੰਦਭਾਨ, ਸੁਖਜਿੰਦਰ ਮੁਹਾਰ, ਚਰਨਜੀਤ ਸਿੰਘ, ਆਦਿ ਨੇ ਵੀ ਵਿਸ਼ੇਸ਼ ਭੂਮਿਕਾ ਨਿਭਾਈ।

ਇਸ ਸਮਾਗਮ ਵਿੱਚ ਉੱਘੇ ਉਸਤਾਦ ਸ਼ਾਇਰ ਜਗੀਰ ਸੱਧਰ, ਬਿੱਕਰ ਸਿੰਘ ਵਿਯੋਗੀ, ਪ੍ਰੀਤ ਭਗਵਾਨ, ਧਰਮ ਪਰਵਾਨਾ, ਹਰਦੀਪ ਸਿਰਾਜ਼ੀ ਭੋਲੂਵਾਲਾ, ਗੁਰਭੇਜ ਸਿੰਘ, ਹਰਸੰਗੀਤ ਸਿੰਘ ਗਿੱਲ, ਦੇਵ ਵਾਂਦਰ, ਰਾਜਵਿੰਦਰ ਫਿੱਡੇ, ਰਾਜਬੀਰ ਮੱਤਾ, ਗੁਰਤੇਜ ਪੱਖੀ, ਜਗਸੀਰ, ਜਸਕਰਨ ਮੱਤਾ, ਰਣਜੀਤ ਬਿੱਟਾ ,ਸਲੀਮ ਅਖਤਰ, ਬਰਾੜ ਪ੍ਰਿੰਸ ਨੇ ਵੀ ਸ਼ਮੂਲੀਅਤ ਕੀਤੀ। ਇਸ ਤੋਂ ਇਲਾਵਾ ਪੱਤਰਕਾਰ ਸੱਜਣਾਂ ਵਿੱਚੋਂ ਲਖਵਿੰਦਰ ਹਾਲੀ, ਰਜਿੰਦਰ ਅਰੋੜਾ, ਜਗਸੀਰ ਢਿੱਲੋਂ, ਗੁਰਪ੍ਰੀਤ ਪੱਕਾ ਆਦਿ ਨੇ ਸਮਾਗਮ ਦੀ ਕਵਰੇਜ਼ ਦੁਆਰਾ ਯਾਦਗਾਰੀ ਬਣਾ ਦਿੱਤਾ।ਮੰਚ ਸੰਚਾਲਕ ਦੀ ਭੂਮਿਕਾ ਸਭਾ ਦੇ ਖ਼ਜਾਨਚੀ ਕਸ਼ਮੀਰ ਮਾਨਾ ਅਤੇ ਬੀਬਾ ਅਰਮਾਨਦੀਪ ਕੌਰ ਨੇ ਸ਼ਾਇਰਾਨਾ ਅੰਦਾਜ਼ ਵਿੱਚ ਕੀਤੀ।

### ਅਕਾਲ ਯੂਨੀਵਰਸਿਟੀ ਵੱਲੋਂ

# ਨਵੇਂ ਦਾਖ਼ਲ ਵਿਦਿਆਰਥੀਆਂ ਲਈ ਇੰਡਕਸ਼ਨ ਪ੍ਰੋਗਰਾਮ ਦੀ ਸ਼ੁਰੂਆਤ







ਤਲਵੰਡੀ ਸਾਬੋ, 10 ਜੁਲਾਈ (ਗੁਰਜੰਟ ਸਿੰਘ ਨਥੇਹਾ)- ਅਕਾਲ ਯੂਨੀਵਰਸਿਟੀ ਅਕਾਦਮਿਕ, ਨੈਤਿਕ, ਸਮਾਜਿਕ ਆਦਿ ਵੱਖ-ਵੱਖ ਖੇਤਰਾਂ ਵਿਚ ਆਪਣੀਆਂ ਵਿਸ਼ੇਸ਼ ਪ੍ਰਾਪਤੀਆਂ ਸਦਕਾ ਮਾਲਵਾ ਖੇਤਰ ਦੀ ਇਕ ਨਾਮਵਰ ਵਿਦਿਅਕ ਸੰਸਥਾ ਵੱਜੋਂ ਪਛਾਣ ਬਣਾ ਚੁਕੀ ਹੈ। ਯੂ ਜੀ ਸੀ ਦੇ ਨਿਯਮਾਂ ਅਤੇ ਦਿਸ਼ਾਨਿਰਦੇਸ਼ਾ ਅਨੁਸਾਰ ਅਕਾਲ ਯੂਨੀਵਰਸਿਟੀ ਵੱਲੋਂ ਨਵੇਂ ਅਕਾਦਮਿਕ ਸਾਲ 2024-25 ਦੇ ਸ਼ੁਰੂ ਵਿਚ ਨਵੇਂ ਦਾਖ਼ਲ ਹੋਏ ਵਿਦਿਆਰਥੀਆਂ ਲਈ ਇਕ ਇੰਡਕਸ਼ਨ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ ਹੈ।ਇਹ ਇੰਡਕਸ਼ਨ ਪ੍ਰੋਗਰਾਮ 10 ਤੋਂ 30 ਜੁਲਾਈ ਤੱਕ ਜਾਰੀ ਰਹੇਗਾ। ਇੰਡਕਸ਼ਨ ਪ੍ਰੋਗਰਾਮ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਵੱਖ ਵੱਖ ਵਿਭਾਗਾਂ ਅਨੁਸਾਰ ਤਿੰਨ ਗਰੁੱਪ ਬਣਾਏ ਗਏ ਹਨ। ਇਸ ਪ੍ਰੋਗਰਾਮ ਦਾ ਮਕਸਦ ਵਿਦਿਆਰਥੀਆਂ ਨੂੰ ਯੂਨੀਵਰਸਿਟੀ ਬਾਰੇ, ਯੂਨੀਵਰਿਸਟੀ ਦੇ ਮਿਸ਼ਨ ਬਾਰੇ, ਵੱਖ-ਵੱਖ ਗਤੀਵਿਧੀਆਂ ਬਾਰੇ, ਅਧਿਆਪਕਾਂ ਬਾਰੇ ਅਤੇ ਯੂਨੀਵਰਸਿਟੀ ਦੇ ਨਿਯਮਾਂ ਬਾਰੇ ਮੁੱਢਲੀ ਜਾਣਕਾਰੀ ਦਿੰਦਿਆਂ ਨਵੇਂ ਮਾਹੌਲ ਵਿਚ ਉਹਨਾਂ ਨੂੰ ਸਹਿਜ ਮਹਿਸੂਸ ਕਰਵਾਉਣਾ ਹੈ। ਵੱਡੀ ਗਿਣਤੀ ਵਿਚ ਨਵੇਂ ਦਾਖ਼ਲ ਹੋਏ ਵਿਦਿਆਰਥੀ ਬੜੇ ਉਤਸ਼ਾਹ ਨਾਲ ਯੂਨੀਵਰਸਿਟੀ ਪਹੁੰਚੇ।ਪ੍ਰੋਗਰਾਮ ਦੇ ਸ਼ੁਰੂ ਵਿਚ ਸਭ ਤੋਂ ਪਹਿਲਾਂ ਅਧਿਆਪਕਾਂ ਅਤੇ ਵਿਦਿਆਰਥੀਆਂ ਨੇ ਅਕਾਲ ਪੁਰਖ ਅੱਗੇ ਨਵੇਂ ਸੈਸ਼ਨ ਦੀ ਸਫਲਤਾ ਅਤੇ ਵਿੱਦਿਆ ਦਾ ਦਾਨ ਗ੍ਰਹਿਣ ਕਰਨ ਲਈ ਸ਼ਬਦ ਗਾਇਨ ਕੀਤਾ ਅਤੇ ਅਰਦਾਸ ਵਿਚ ਹਿੱਸਾ ਲਿਆ। ਹਾਜ਼ਰੀਨ ਨੇ ਬੜੀ ਸ਼ਰਧਾ ਨਾਲ ਇਸ ਦਾ ਆਨੰਦ ਮਾਨਿਆ। ਉਪਰੰਤ ਡਾ. ਪ੍ਰਿਯੰਕਾ ਨੇ ਮੰਚ ਸੰਚਾਲਨ ਕਰਦਿਆਂ ਸਭ ਵਿਦਿਆਰਥੀਆਂ ਦਾ ਸਵਾਗਤ ਕੀਤਾ। ਇਸ ਤੋਂ ਬਾਅਦ ਡੀਨ ਵਿਦਿਆਰਥੀ ਭਲਾਈ ਡਾ. ਸੰਦੀਪ ਸਿੰਘ ਚਹਿਲ ਨੇ ਵਿਦਿਆਰਥੀਆਂ ਨੂੰ ਇੰਡਕਸ਼ਨ ਪ੍ਰੋਗਰਾਮ ਦੇ ਸੰਕਲਪ ਤੇ ਉਦੇਸ਼ ਬਾਰੇ ਜਾਣਕਾਰੀ ਦਿੱਤੀ। ਉਪਰੰਤ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋਫ਼ੈਸਰ ਗੁਰਮੇਲ ਸਿੰਘ ਦੀ ਅਗਵਾਈ ਹੇਠ ਡੀਨ ਅਕਾਦਮਿਕ ਮਾਮਲੇ ਮੇਜਰ ਜਨਰਲ ਡਾ. ਗੁਰਚਰਨ ਸਿੰਘ ਲਾਂਬਾ ਵੀ ਵਿਦਿਆਰਥੀਆਂ ਨੂੰ ਮੁਖਾਤਿਬ ਹੋਏ। ਉਹਨਾਂ ਨੇ ਵਿਦਿਆਰਥੀਆਂ ਨੂੰ ਯੂਨੀਵਰਸਿਟੀ ਦੇ ਮਿਸ਼ਨ ਤੋਂ ਜਾਣੂ ਕਰਵਾਇਆ। ਉਹਨਾਂ ਨੇ ਵਿਦਿਆਰਥੀਆਂ ਨੂੰ ਜ਼ਿੰਦਗੀ ਵਿਚ ਸਫਲ ਹੋਣ ਲਈ ਆਪਣੇ ਭਵਿੱਖ ਦੀ ਯੋਜਨਾਬੰਦੀ ਕਰਨ ਲਈ ਪ੍ਰੇਰਿਤ ਕੀਤਾ। ਉਹਨਾਂ ਨੇ ਵਿਦਿਆਰਥੀਆਂ ਨੂੰ ਸੰਘਰਸ਼ਮਈ ਜੀਵਨ ਦੇ ਕੀਮਤੀ ਅਨੁਭਵਾਂ ਦਾ ਮਹੱਤਵ ਦੱਸਿਆ। ਇਸ ਮੌਕੇ ਰਜਿਸਟਰਾਰ ਡਾ. ਸਵਰਨ ਸਿੰਘ ਹਾਜ਼ਰ ਰਹੇ। ਇਸ ਤੋਂ ਬਾਅਦ ਨਵੇਂ ਦਾਖ਼ਲ ਹੋਏ ਵਿਦਿਆਰਥੀਆਂ ਨੇ ਅਧਿਆਪਕਾਂ ਨਾਲ ਜਾਣ-ਪਛਾਣ ਕੀਤੀ। ਉਹਨਾਂ ਨੇ ਪਹਿਲੇ ਦਿਨ ਯੂਨੀਵਰਸਿਟੀ ਦੀ ਲਾਇਬ੍ਰੇਰੀ, ਸਾਇੰਸ ਲੈਬਾਂ, ਵਾਈਸ ਚਾਂਸਲਰ ਦਫ਼ਤਰ, ਰਜਿਸਟਰਾਰ ਦਫ਼ਤਰ, ਡੀਨ ਅਕਾਦਮਿਕ ਦਫ਼ਤਰ, ਸਟੇਸ਼ਨਰੀ ਦੀ ਦੁਕਾਨ ਅਤੇ ਕੰਟੀਨ ਆਦਿ ਮੁੱਖ ਸਥਾਨਾਂ ਬਾਰੇ ਘੁੰਮਕੇ ਜਾਣਕਾਰੀ ਪ੍ਰਾਪਤ ਕੀਤੀ। ਯੂਨੀਵਰਸਿਟੀ ਵੱਲੋਂ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਦੇ ਆਪਣੇ ਮਿਸ਼ਨ ਦੇ ਤਹਿਤ ਇੰਡਕਸ਼ਨ ਪ੍ਰੋਗਰਾਮ ਦੇ ਅਗਲੇ ਦਿਨਾਂ ਲਈ ਇਕ ਵਿਵਸਥਿਤ ਸਮਾਂ ਸਾਰਣੀ ਬਣਾਈ ਗਈ ਹੈ, ਜਿਸ ਵਿਚ ਵਿਦਿਆਰਥੀਆਂ ਲਈ ਅੰਗਰੇਜ਼ੀ, ਕੰਪਿਊਟਰ, ਮਨੋਵਿਗਿਆਨ, ਲਾਇਬ੍ਰੇਰੀ, ਐੱਨ ਐੱਸ ਐੱਸ ਅਤੇ ਐੱਨ ਸੀ ਸੀ ਆਦਿ ਨਾਲ ਸੰਬੰਧਿਤ ਵੱਖ ਵੱਖ ਸੈਸ਼ਨ ਲਗਾਏ ਜਾਣੇ ਹਨ। ਇਸ ਤੋਂ ਇਲਾਵਾ ਵੱਖ ਵੱਖ ਖੇਤਰਾਂ ਦੇ ਮਾਹਿਰਾਂ ਵੱਲੋਂ ਵਿਸ਼ੇਸ਼ ਗੈਸਟ ਲੈਕਚਰ ਵੀ ਆਯੋਜਿਤ ਕੀਤੇ ਗਏ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

# ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਪੰਜਾਬ ਪੁਲਿਸ ਵੱਲੋਂ ਨਸ਼ਿਆਂ ਖਿਲਾਫ ਸ਼ੁਰੂ ਕੀਤੀ ਗਈ ਮੁਹਿੰਮ ਸਲਾਘਾਯੋਗ- ਈ ਟੀ ਓ



ਜੰਡਿਆਲਾ ਗੁਰੂ 10 ਜੁਲਾਈ ( ਕੁਲਵੰਤ ਸਿੰਘ ਵਿਰਦੀ)ਕੈਬਨਿਟ ਮੰਤਰੀ ਪੰਜਾਬ ਸ ਹਰਭਜਨ ਸਿੰਘ ਈਟੀਓ ਨੇ ਪੰਜਾਬ ਪੁਲਿਸ ਵੱਲੋਂ ਨਸ਼ਿਆਂ ਖਿਲਾਫ ਸ਼ੁਰੂ ਕੀਤੀ ਗਈ ਮੁਹਿੰਮ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਜਿਸ ਤਰ੍ਹਾਂ ਪੁਲਿਸ ਵੱਲੋਂ ਨਸ਼ੇ ਦੇ ਸਮਗਲਰਾਂ ਨੂੰ ਨੱਥ ਪਾਉਣ ਦੇ ਨਾਲ- ਨਾਲ ਨੌਜਵਾਨਾਂ ਨੂੰ ਨਸ਼ੇ ਤੋਂ ਦੂਰ ਰੱਖਣ ਦੇ ਉਪਰਾਲੇ ਸ਼ੁਰੂ ਕੀਤੇ ਗਏ ਹਨ, ਉਸ ਤੋਂ ਇਹ ਆਸ ਲਗਾਈ ਜਾ ਸਕਦੀ ਹੈ ਕਿ ਆਉਣ ਵਾਲੇ ਦਿਨਾਂ ਵਿੱਚ ਪੰਜਾਬ ਨਸ਼ਿਆਂ ਦੇ ਕੋਹੜ ਤੋਂ ਮੁਕਤ ਹੋ ਜਾਵੇਗਾ।ਅੱਜ ਬੰਡਾਲਾ ਵਿਖੇ ਪੰਜਾਬ ਪੁਲਿਸ ਵੱਲੋਂ ਕਰਵਾਏ ਗਏ ਵਾਲੀਬਾਲ ਟੂਰਨਾਮੈਂਟ, ਜਿਸ ਦਾ ਉਦੇਸ਼ ਨੌਜਵਾਨਾਂ ਨੂੰ ਖੇਡਾਂ ਵੱਲ ਪ੍ਰੇਰਿਤ ਕਰਨਾ ਸੀ, ਦੀ ਸ਼ੁਰੂਆਤ ਕਰਦੇ ਸ ਹਰਭਜਨ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਸ ਭਗਵੰਤ ਸਿੰਘ ਮਾਨ ਸੂਬੇ ਨੂੰ ਰੰਗਲਾ ਪੰਜਾਬ ਬਣਾਉਣ ਦੇ ਸੁਪਨਾ ਉਲੀਕੀ ਬੈਠੇ ਹਨ ਅਤੇ ਇਹ ਸੁਪਨਾ ਤਾਂ ਹੀ ਪੂਰਾ ਹੋ ਸਕਦਾ ਹੈ ਜੇਕਰ ਪੰਜਾਬ ਦਾ ਜਵਾਨ, ਕਿਸਾਨ, ਵਪਾਰੀ, ਉਦਯੋਗਪਤੀ ਗੱਲ ਕੀ ਹਰੇਕ ਵਰਗ ਖੁਸ਼ਹਾਲ ਹੋਵੇ।ਉਨਾ ਕਿਹਾ ਕਿ ਆਰਥਿਕ ਖੁਸ਼ਹਾਲੀ ਦੇ ਨਾਲ-ਨਾਲ ਸਾਡੀ ਕੁਰਾਹੇ ਪਈ ਨੌਜਵਾਨ ਪੀੜੀ ਜੋ ਕਿ ਨਸ਼ਿਆਂ ਦੇ ਰੂਪ ਵਿੱਚ ਜਹਿਰ ਲੈ ਰਹੀ ਹੈ, ਨੂੰ ਰੋਕਣ ਦੇ ਉਪਰਾਲੇ ਵੀ ਸ਼ੁਰੂ ਕੀਤੇ ਗਏ ਹਨ । ਉਹਨਾਂ ਦੱਸਿਆ ਕਿ ਹੁਣ ਕੇਵਲ ਪੰਜਾਬ ਪੁਲਿਸ ਨਸ਼ਾ ਸਮਗਲਰਾਂ ਕੋਲੋਂ ਨਸ਼ਾ ਹੀ ਬਰਾਮਦ ਨਹੀਂ ਕਰ ਰਹੀ ਬਲਕਿ ਨਸ਼ਾ ਤਸਕਰਾਂ ਦੀਆਂ ਜਾਇਦਾਦਾਂ ਵੀ ਜਬਤ ਕਰ ਰਹੀ ਹੈ। ਇਸ ਤੋਂ ਇਲਾਵਾ ਖੇਡਾਂ ਵਰਗੇ ਉਪਰਾਲੇ ਪੰਜਾਬ ਪੁਲਿਸ ਨੇ ਸ਼ੁਰੂ ਕੀਤੇ ਹਨ , ਜਿਸ ਦੇ ਚੰਗੇ ਨਤੀਜੇ ਭਵਿੱਖ ਵਿੱਚ ਮਿਲਣਗੇ । ਉਹਨਾਂ ਨਾਲ ਇਸ ਮੌਕੇ ਡੀਐਸਪੀ ਜੰਡਿਆਲਾ ਗੁਰੂ, ਥਾਣਾ ਮੁਖੀ ਜੰਡਿਆਲਾ ਗੁਰੂ ਅਤੇ ਇਲਾਕੇ ਦੇ ਮੋਹਤਬਰ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਉੱਚ ਕੋਟੀ ਤੇ ਮਿਆਰੀ ਸਿੱਖਿਆ ਲਈ ਗੁਰੂ ਕਾਸ਼ੀ ਯੂਨੀਵਰਸਿਟੀ ਨੂੰ ਮਿਲਿਆ ਆਈ.ਐਸ.ਓ.9001:2015 ਸਰਟੀਫਿਕੇਟ

## ਜੀ.ਕੇ.ਯੂ. ਵੱਲੋਂ ਮਿਆਰੀ ਸਿੱਖਿਆ ਦੇ ਖੇਤਰ ਵਿੱਚ ਇੱਕ ਹੋਰ ਮੀਲ ਪੱਥਰ



ਤਲਵੰਡੀ ਸਾਬੋ 10 ਜੁਲਾਈ (ਗੁਰਜੰਟ ਸਿੰਘ ਨਥੇਹਾ)- ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਗੁਰੂ ਕਾਸ਼ੀ ਯੂਨੀਵਰਸਿਟੀ, ਤਲਵੰਡੀ ਸਾਬੋ ਨੇ ਉੱਚੇਰੀ ਤੇ ਮਿਆਰੀ ਸਿੱਖਿਆ ਦੇ ਖੇਤਰ ਵਿੱਚ ਆਈ.ਐਸ.ਓ.9001-2015 ਸਰਟੀਫਿਕੇਟ ਹਾਸਿਲ ਕਰਕੇ ਉੱਚੇਰੀ ਤੇ ਸਿੱਖਿਆ ਦੇ ਖੇਤਰ ਵਿੱਚ ਇੱਕ ਹੋਰ ਮੀਲ ਪੱਥਰ ਸਥਾਪਿਤ ਕੀਤਾ। ਇਸ ਮੌਕੇ ਆਪਣੀ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਚਾਂਸਲਰ ਸ. ਗੁਰਲਾਭ ਸਿੰਘ ਸਿੱਧੂ ਨੇ ਦੱਸਿਆ ਕਿ ਜੀ.ਕੇ.ਯੂ. ਵੱਲੋਂ ਗ੍ਰੈਜੂਏਟ, ਪੋਸਟ ਗ੍ਰੈਜੂਏਟ ਅਤੇ ਡਾਕਟ੍ਰੇਟ ਪ੍ਰੋਗਰਾਮਾਂ ਲਈ ਫੈਕਲਟੀ ਵੱਲੋਂ ਦਿੱਤੀ ਜਾ ਰਹੀ ਉੱਚ ਕੋਟੀ ਤੇ ਮਿਆਰੀ ਸਿੱਖਿਆ, ਸਮੇਂ ਅਤੇ ਉਦਯੋਗਾਂ ਦੀ ਲੋੜ ਅਨੁਸਾਰ ਤਿਆਰ ਕੀਤੇ ਗਏ ਸਿਲੇਬਸ, ਹਰਿਆ ਭਰਿਆ ਤੇ ਆਧੁਨਿਕ ਸਹੂਲਤਾਂ ਨਾਲ ਲੈਸ, ਖੋਜ਼ ਕਾਰਜ, ਪਾਏਦਾਰ ਪ੍ਰਬੰਧਨ, ਖੇਡਾਂ ਵਿੱਚ ਰਾਸ਼ਟਰੀ ਅਤੇ ਅੰਤਰ ਰਾਸ਼ਟਰੀ ਪੱਧਰ ਦੀਆਂ ਪ੍ਰਾਪਤੀਆਂ, ਸ਼ਾਨਦਾਰ ਲਾਇਬ੍ਰੇਰੀ ਆਦਿ ਨੂੰ ਧਿਆਨ ਵਿੱਚ ਰੱਖਦੇ ਹੋਏ ਸੰਬੰਧਿਤ ਅਦਾਰੇ ਵੱਲੋਂ ਸਰਟੀਫਿਕੇਟ ਜਾਰੀ ਕੀਤਾ ਗਿਆ ਹੈ। ਉਨ੍ਹਾਂ ਇਸ ਪ੍ਰਾਪਤੀ 'ਤੇ ਸਮੂਹ ਜੀ.ਕੇ.ਯੂ. ਪਰਿਵਾਰ, ਫੈਕਲਟੀ ਮੈਂਬਰਾਂ, ਸਟਾਫ ਅਤੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ। ਸਰਟੀਫਿਕੇਟ ਬਾਰੇ ਜਾਣਕਾਰੀ ਦਿੰਦਿਆਂ ਉਪ ਕੁਲਪਤੀ ਪ੍ਰੋ.(ਡਾ.) ਐਸ.ਕੇ.ਬਾਵਾ ਨੇ ਦੱਸਿਆ ਕਿ ISO 9001:2015 ਸਰਟੀਫਿਕੇਟ 'ਵਰਸਿਟੀ ਵੱਲੋਂ ਸਿੱਖਿਆ ਦੇ ਖੇਤਰ ਵਿੱਚ ਅਪਨਾਏ ਜਾ ਰਹੇ ਉੱਚ ਪੱਧਰ ਦੇ ਮਾਪਦੰਡਾਂ ਦੀ ਪਾਲਣਾ ਕਰਕੇ ਹਾਸਿਲ ਹੋਇਆ। ਜੋ 'ਵਰਸਿਟੀ ਪ੍ਰਬੰਧਕਾਂ ਦੀ ਦੂਰਦਰਸ਼ੀਤਾ, ਫੈਕਲਟੀ ਮੈਂਬਰਾਂ ਦੀ ਮਿਹਨਤ, ਸ਼ਾਨਦਾਰ ਅਧਿਆਪਨ ਅਤੇ ਖੋਜ ਕਾਰਜਾਂ ਦੀ ਦੇਣ ਹੈ। ਉਨ੍ਹਾਂ ਸਾਰਿਆਂ ਨੂੰ ਆਪਣੇ ਟੀਚੇ ਹੋਰ ਉੱਚੇ ਕਰਨ ਲਈ ਪ੍ਰੇਰਿਤ ਕੀਤਾ ਤੇ ਕਿਹਾ 'ਵਰਸਿਟੀ ਦੇ ਮਿਆਰੀ ਪ੍ਰਬੰਧਨ ਸਿਸਟਮ(ਢਾਂਚੇ) ਕਾਰਨ ਮਿਲੀ ਇਸ ਪ੍ਰਾਪਤੀ ਨੂੰ ਹੋਰ ਉੱਚੇ ਮਿਆਰਾਂ ਤੱਕ ਲੈ ਕੇ ਜਾਣ ਵਿੱਚ 'ਵਰਸਿਟੀ ਕੋਈ ਕਸਰ ਬਾਕੀ ਨਹੀਂ ਛੱਡੇਗੀ।ਇਸ ਸ਼ਾਨਾਮੱਤੀ ਪ੍ਰਾਪਤੀ ਤੇ ਡਾ.ਅਸ਼ਵਨੀ ਸੇਠੀ, ਡਾਇਰੈਕਟਰ ਆਈ.ਕਿਉ.ਏ.ਸੀ. ਨੇ ਕਿਹਾ ਕਿ ਇਹ ਵਿਦਿਆਰਥੀਆਂ ਤੇ ਉਨ੍ਹਾਂ ਦੇ ਮਾਪਿਆਂ ਦੇ ਵਿਸ਼ਵਾਸ ਦਾ ਸਬੂਤ ਹੈ। ਉਨ੍ਹਾਂ ਦਾ ਕਹਿਣਾ ਸੀ ਕਿ ਵਰਸਿਟੀ ਵੱਲੋਂ ਅਪਨਾਈਆਂ ਗਈਆਂ ਅਧਿਆਪਨ ਦੀਆਂ ਵਿਧੀਆਂ, ਉੱਚ ਸਿੱਖਿਆ ਪ੍ਰਾਪਤ ਸਮਰਪਿਤ ਫੈਕਲਟੀ ਮੈਂਬਰਾਂ ਦੀ ਮਿਹਨਤ ਅਤੇ ਸਿਰੜ ਸਦਕਾ ਇਹ ਪ੍ਰਾਪਤੀ ਹਾਸਿਲ ਹੋਈ ਹੈ ਜਿਸਨੇ 'ਵਰਸਿਟੀ ਦੇ ਵਕਾਰ, ਵਿਸ਼ਵਾਸ ਅਤੇ ਭਰੋਸੇਯੋਗਤਾ ਨੂੰ ਵਧਾਇਆ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

### ਪਿੰਡ ਨਵਾ ਚੰਨਣਕੇ ਦੇ ਨੋਜਵਾਨਾਂ ਨੇ

# ਸੜਕ ਦੇ ਕਿਨਾਰੇ ਤੇ ਲਗਾਏ ਬੂਟੇ



**ਚੌਂਕ ਮਹਿਤਾ,10 ਜੁਲਾਈ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਵਾਤਾਵਰਨ ਨੂੰ ਸਾਫ ਰੱਖਣ ਲਈ ਪਿੰਡ ਨਵਾਂ ਚੰਨਣਕੇ ਦੇ ਨੋਜਵਾਨਾਂ ਨੇ ਸੜਕ ਦੇ ਕਿਨਾਰੇ 200 ਦੇ ਕਰੀਬ ਫਲਦਾਰ ਤੇ ਛਾਂਦਾਰ ਰੁੱਖ ਲਗਾਏ ।ਇਸ ਮੌਕੇ ਸੰਦੀਪ ਸਿੰਘ ਸੰਨੀ, ਯਾਦਵਿੰਦਰ ਸਿੰਘ, ਬਲਵਿੰਦਰ ਸਿੰਘ ਸਤਿਕਾਰ ਸਿੰਘ ,ਜਰਮਨ ਸਿੰਘ,ਮਨਮੀਤ ਸਿੰਘ, ਅਰਵਿੰਦਰ ਸਿੰਘ,ਗੁਰਨੂਰ ਸਿੰਘ, ਦਿਲਪ੍ਰੀਤ ਸਿੰਘ,ਸੱਜਣ ਸਿੰਘ, ਅੰਮ੍ਰਿਤਪਾਲ ਸਿੰਘ, ਪ੍ਰਭਜੋਤ ਸਿੰਘ, ਸਿਮਰਜੀਤ ਸਿੰਘ, ਜੀਵਨਜੋਤ ਸਿੰਘ, ਬਿਕਰਮ ਸਿੰਘ,ਤੇ ਅਯਾਨ ਸਿੰਘ ਆਦਿ ਹਾਜ਼ਰ ਸਨ।

### ਜਨਰਲ ਸਕੱਤਰ ਡਾ. ਸੋਹਲ ਵੱਲੋਂ

# ਸ਼ੋ੍ਮਣੀ ਅਕਾਲੀ ਦਲ ਪ੍ਰਧਾਨ ਦਾ ਜਨਮ ਦਿਨ ਕੇਕ ਕੱਟ ਕੇ ਮਨਾਇਆ



ਆਵਾਜ਼ ਬਿਊਰੋ -: ਸ਼ੋ੍ਮਣੀ ਅਕਾਲੀ ਦਲ ਦੇ ਜਨਰਲ ਸਕੱਤਰ ਡਾਕਟਰ ਜਸਵਿੰਦਰ ਕੌਰ ਸੋਹਲ ਵੱਲੋਂ ਸ਼ੋ੍ਮਣੀ ਅਕਾਲੀ ਦਲ ਦੇ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਬਾਦਲ ਦਾ ਜਨਮਦਿਨ ਆਪਣੀ ਟੀਮ ਨਾਲ ਕੇਕ ਕੱਟ ਕੇ ਮਨਾਇਆ ਗਿਆ ਸਾਰੀ ਟੀਮ ਵੱਲੋਂ ਸ਼ੋ੍ਮਣੀ ਅਕਾਲੀ ਦਲ ਦੇ ਪ੍ਰਧਾਨ ਨੂੰ ਸ਼ੁਭ ਕਾਮਨਾਵਾਂ ਭੇਟ ਕਰਦੇ ਹੋਏ ਸ਼ੋ੍ਮਣੀ ਅਕਾਲੀ ਦਲ ਦੀ ਚੜ੍ਹਦੀ ਕਲਾ ਅਤੇ ਸ਼ੋ੍ਮਣੀ ਅਕਾਲੀ ਦਲ ਦੇ ਪ੍ਰਧਾਨ ਵੱਲੋਂ ਦਿਨ ਰਾਤ ਇੱਕ ਕਰਕੇ ਸਮੂਹ ਸ਼ੋ੍ਮਣੀ ਅਕਾਲੀ ਦਲ ਦੇ ਵਰਕਰਾਂ ਸਮੇਤ ਸ਼ੋ੍ਮਣੀ ਅਕਾਲੀ ਦਲ ਲਈ ਕੀਤੀ ਜਾ ਰਹੀ ਮਿਹਨਤ ਪੰਥ ਅਤੇ ਪੰਜਾਬ ਪ੍ਰਤੀ ਬੇਹੱਦ ਸੰਜੀਦਾ ਹੈ ਇਹ ਸੇਵਾ ਲਈ ਸ਼ੋ੍ਮਣੀ ਅਕਾਲੀ ਦਲ ਦੇ ਪ੍ਰਧਾਨ ਦੀ ਚੜ੍ਹਦੀ ਕਲਾ ਤੇ ਤੰਦਰੁਸਤੀ ਦੀ ਅਰਦਾਸ ਕੀਤੀ ਗਈ।



## ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਨਾਗਰਿਕ ਪੱਖੀ ਸੇਵਾਵਾਂ ਵਿੱਚ ਵਾਧਾ ਕਰਨਾ ਸ਼ਲਾਘਾਯੋਗ : ਚੇਅਰਮੈਨ ਸੇਖਵਾਂ

**ਸ੍ਰੀ ਹਰਗੋਬਿੰਦਪੁਰ ਸਾਹਿਬ ਜੀ, 10 ਜੁਲਾਈ ( ਕੁਲਜੀਤ ਸਿੰਘ ਖੋਖਰ )**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਨਾਗਰਿਕਾਂ ਨੂੰ ਦਿੱਤੀਆਂ ਜਾਂਦੀਆਂ ਆਨਲਾਈਨ ਸੇਵਾਵਾਂ ਵਿੱਚ ਹੋਰ ਵਾਧਾ ਕਰਨ ਦੀ ਜ਼ਿਲ੍ਹਾ ਯੋਜਨਾ ਕਮੇਟੀ ਗੁਰਦਾਸਪੁਰ ਦੇ ਚੇਅਰਮੈਨ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੇ ਸ਼ਲਾਘਾ ਕੀਤੀ ਹੈ। ਜ਼ਿਕਰਯੋਗ ਹੈ ਕਿ ਬੀਤੇ ਦਿਨੀਂ ਈ-ਗਵਰਨੈਂਸ ਪ੍ਰਣਾਲੀ ਵਿੱਚ ਪਟਵਾਰੀਆਂ ਨੂੰ ਸ਼ਾਮਲ ਕਰਕੇ ਉਨ੍ਹਾਂ ਦੀਆਂ ਆਨਲਾਈਨ ਆਈ.ਡੀਜ਼. ਬਣਾਈਆਂ ਗਈਆਂ ਹਨ, ਜਿਸ ਨਾਲ ਹੁਣ ਦਸਤਾਵੇਜ਼ ਵੈਰੀਫਿਕੇਸ਼ਨ ਸਬੰਧੀ ਜ਼ਿਆਦਾਤਰ ਸੇਵਾਵਾਂ ਦਾ ਲਾਭ ਲੋਕ ਘਰ ਬੈਠੇ ਲੈ ਸਕਣਗੇ। ਇਹ ਕਦਮ ਜਾਤੀ, ਰਿਹਾਇਸ਼, ਬੁਢਾਪਾ ਪੈਨਸ਼ਨ ਸਕੀਮ ਅਤੇ ਆਮਦਨ ਸਰਟੀਫਿਕੇਟ ਸਮੇਤ ਹੋਰ ਕਈ ਸਰਟੀਫਿਕੇਟਾਂ ਲਈ ਤਸਦੀਕ ਪ੍ਰਕਿਰਿਆ ਨੂੰ ਸੁਚਾਰੂ ਬਣਾਏਗਾ। ਪਟਵਾਰੀਆਂ ਨੂੰ ਆਨਲਾਈਨ ਸਿਸਟਮ ਵਿੱਚ ਸ਼ਾਮਲ ਕਰਨ ਨਾਲ ਬਿਨੈਕਾਰਾਂ ਨੂੰ ਹੁਣ ਆਪਣੀ ਵੈਰੀਫਿਕੇਸ਼ਨ ਰਿਪੋਰਟਾਂ 'ਤੇ ਮੋਹਰ ਅਤੇ ਦਸਤਖ਼ਤ ਕਰਵਾਉਣ ਲਈ ਪਟਵਾਰੀ ਦੇ ਦਫ਼ਤਰ ਵਿੱਚ ਜਾਣ ਦੀ ਲੋੜ ਨਹੀਂ ਪਵੇਗੀ। ਇੱਕ ਵਾਰ ਬਿਨੈ-ਪੱਤਰ ਜਮ੍ਹਾਂ ਕਰਵਾਉਣ 'ਤੇ ਉਸ ਅਰਜ਼ੀ ਨੂੰ ਸਬੰਧਿਤ ਦਫ਼ਤਰ ਵੱਲੋਂ ਸਬੰਧਿਤ ਪਟਵਾਰੀ ਨੂੰ ਆਨਲਾਈਨ ਭੇਜਿਆ ਜਾਵੇਗਾ ਜੋ ਕਿ ਉਸਨੂੰ ਤਸਦੀਕ ਕਰੇਗਾ। ਚੇਅਰਮੈਨ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਭ੍ਰਿਸ਼ਟ ਅਤੇ ਕੰਮਚੋਰ ਅਧਿਕਾਰੀਆਂ/ਕਰਮਚਾਰੀਆਂ ਦੇ ਸਖ਼ਤ ਖ਼ਿਲਾਫ਼ ਹੈ ਅਤੇ ਇਸੇ ਕਰਕੇ ਸੂਬੇ ਵਿਚ ਹਕੂਮਤ ਸੰਭਾਲਣ ਤੋਂ ਬਾਅਦ ਮੁੱਖ ਮੰਤਰੀ ਨੇ ਭ੍ਰਿਸ਼ਟਾਚਾਰ ਕਰਨ ਵਾਲੇ ਅਧਿਕਾਰੀਆਂ/ਕਰਮਚਾਰੀਆਂ ਦੀ ਸ਼ਿਕਾਇਤ ਲਈ ਇਕ ਹੈਲਪ ਲਾਈਨ ਨੰਬਰ ਜਾਰੀ ਕੀਤਾ ਸੀ। ਉਨ੍ਹਾਂ ਦੱਸਿਆ ਕਿ ਮਾਲ ਵਿਭਾਗ ਦੇ ਕੰਮਾਂ ਸਬੰਧੀ ਸ਼ਿਕਾਇਤ ਦਰਜ ਕਰਵਾਉਣ ਲਈ ਵੀ ਨੰਬਰ 8184900002 ਜਾਰੀ ਕੀਤਾ ਗਿਆ ਹੈ। ਐਨਆਰਆਈਜ਼ ਮਾਲ ਵਿਭਾਗ ਸਬੰਧੀ ਆਪਣੀਆਂ ਸ਼ਿਕਾਇਤਾਂ 9464100168 ਨੰਬਰ 'ਤੇ ਦਰਜ ਕਰਵਾ ਸਕਦੇ ਹਨ। ਇਹ ਨੰਬਰ ਸਿਰਫ਼ ਲਿਖਤੀ ਸ਼ਿਕਾਇਤ ਲਈ ਹਨ।



## ਟਰੈਫ਼ਿਕ ਐਜੂਕੇਸ਼ਨ ਸੈੱਲ ਵੱਲੋਂ ਸਪਰਿੰਗ ਫ਼ੀਲਡ ਇੰਟਰਨੈਸ਼ਨਲ ਸਕੂਲ ਵਿਖੇ ਟਰੈਫ਼ਿਕ ਜਾਗਰੂਕਤਾ ਸਬੰਧੀ ਇੱਕ ਵਿਸ਼ੇਸ਼ ਸੈਮੀਨਾਰ ਲਗਾਇਆ




**ਸ੍ਰੀ ਹਰਗੋਬਿੰਦਪੁਰ ਸਾਹਿਬ ਜੀ, 10 ਜੁਲਾਈ ( ਕੁਲਜੀਤ ਸਿੰਘ ਖੋਖਰ )**-ਪੁਲਿਸ ਜ਼ਿਲ੍ਹਾ ਗੁਰਦਾਸਪੁਰ ਦੇ ਟਰੈਫ਼ਿਕ ਐਜੂਕੇਸ਼ਨ ਸੈੱਲ ਵੱਲੋਂ ਅੱਜ ਸਪਰਿੰਗ ਫ਼ੀਲਡ ਇੰਟਰਨੈਸ਼ਨਲ ਸਕੂਲ ਔਜਲਾ ਬਾਈਪਾਸ ਵਿਖੇ ਟਰੈਫ਼ਿਕ ਜਾਗਰੂਕਤਾ ਸਬੰਧੀ ਇੱਕ ਵਿਸ਼ੇਸ਼ ਸੈਮੀਨਾਰ ਲਗਾਇਆ ਗਿਆ। ਇਸ ਸੈਮੀਨਾਰ ਵੱਲੋਂ ਟਰੈਫ਼ਿਕ ਪੁਲਿਸ ਦੇ ਏ.ਐੱਸ.ਆਈ. ਸ. ਅਮਨਦੀਪ ਸਿੰਘ ਵੱਲੋਂ ਸਕੂਲ ਦੇ ਵਿਦਿਆਰਥੀਆਂ ਤੇ ਸਟਾਫ਼ ਨੂੰ ਟਰੈਫ਼ਿਕ ਨਿਯਮਾਂ ਦੀ ਜਾਣਕਾਰੀ ਦਿੱਤੀ ਗਈ। ਇਸਦੇ ਨਾਲ ਹੀ ਉਨ੍ਹਾਂ ਨੇ ਨਾਬਾਲਗ ਬੱਚਿਆਂ ਦੇ ਡਰਾਈਵਿੰਗ ਕਰਨ 'ਤੇ ਉਨ੍ਹਾਂ ਦੇ ਮਾਤਾ ਪਿਤਾ 'ਤੇ ਹੋਣ ਵਾਲੀ ਕਨੂੰਨੀ ਕਾਰਵਾਈ ਬਾਰੇ ਵਿਸਥਾਰਪੂਰਵਕ ਦੱਸਿਆ ਗਿਆ। ਇਸ ਮੌਕੇ ਏ.ਐੱਸ.ਆਈ . ਡਰਾਈਵਿੰਗ ਲਾਇਸੰਸ ਦੀ ਅਹਿਮੀਅਤ ਬਾਰੇ ਜਾਣਕਾਰੀ ਦਿੱਤੀ ਗਈ ਅਤੇ ਵਿਦਿਆਰਥੀਆਂ ਨੂੰ ਐਕਸੀਡੈਂਟ ਪੀੜਤ ਵਿਅਕਤੀ ਦੀ ਮਦਦ ਕਰਨ ਲਈ ਪ੍ਰੇਰਿਤ ਕੀਤਾ ਗਿਆ। ਇਸ ਦੌਰਾਨ ਉਨ੍ਹਾਂ ਨੇ ਨਸ਼ੇ ਦੇ ਮਾੜੇ ਪ੍ਰਭਾਵਾਂ ਤੋਂ ਜਾਣੂ ਕਰਵਾਇਆ ਅਤੇ ਨੈਸ਼ਨਲ ਹਾਈਵੇ ਉੱਪਰ ਚੱਲਦੇ ਸਮੇਂ ਹੈਲਪ ਲਾਈਨ ਨੰਬਰ 1033 ਬਾਰੇ ਜਾਗਰੂਕ ਕੀਤਾ ਗਿਆ । ਉਨ੍ਹਾਂ ਕਿਹਾ ਕਿ ਡਰਾਈਵਿੰਗ ਕਰਦੇ ਸਮੇਂ ਮੋਬਾਈਲ ਫ਼ੋਨ ਦੀ ਵਰਤੋਂ ਬਿਲਕੁਲ ਨਾ ਕੀਤੀ ਜਾਵੇ। ਸੈਮੀਨਾਰ ਵਿੱਚ ਸਕੂਲ ਦੀ ਪ੍ਰਿੰਸੀਪਲ ਮੈਡਮ ਰਜਨੀ ਸ਼ਰਮਾ, ਉਪਾਸਨਾ, ਜਸਕਰਨ ਕੌਰ ਆਦਿ ਵੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਬ੍ਰਦਰਜ਼ ਫ਼ੋਟੋਗ੍ਰਾਫਰ ਐਸੋਸੀਏਸ਼ਨ ਵਲੋਂ

# ਮੀਟਿੰਗ ਕੀਤੀ ਗਈ ਨਵੇਂ ਸ਼ਾਮਲ ਹੋਏ ਮੈਂਬਰਾਂ ਦਾ ਭਰਪੂਰ ਸਵਾਗਤ ਕੀਤਾ ਗਿਆ





**ਚੌਕ ਮਹਿਤਾ, 10 ਜੁਲਾਈ (ਬਾਬ ਸੁਖਵੰਤ ਸਿੰਘ ਚੰਨਣਕੇ)**-ਬ੍ਰਦਰਜ਼ ਫ਼ੋਟੋਗ੍ਰਾਫਰ ਐਸੋਸੀਏਸ਼ਨ ਖੁਜਾਲਾ ਦੇ ਪ੍ਰਧਾਨ ਭਗਵਾਨ ਸਿੰਘ ਖੁਜਾਲਾ ਦੀ ਅਗਵਾਈ ਹੇਠ ਗੁਰਦੁਆਰਾ ਗੁਰੂ ਨਾਨਕ ਦਰਬਾਰ ਪਿੰਡ ਖੁਜਾਲਾ ਵਿਖੇ 9 ਜੁਲਾਈ ਦਿਨ ਮੰਗਲਵਾਰ ਨੂੰ ਮੀਟਿੰਗ ਕੀਤੀ ਗਈ।ਜਿਸ ਵਿੱਚ ਅਹਿਮ ਵਿਚਾਰਾਂ ਕੀਤੀਆਂ ਗਈਆਂ, ਇਸ ਮੌਕੇ ਨਵੇਂ ਸ਼ਾਮਲ ਹੋਏ ਫ਼ੋਟੋਗ੍ਰਾਫਰਾਂ ਦਾ ਭਰਪੂਰ ਸਵਾਗਤ ਕੀਤਾ ਗਿਆ। ਜਿਸ ਵਿੱਚ ਫ਼ੋਟੋਗ੍ਰਾਫਰ ਕਾਕਾ ਸਹੋਤਾ ਨੂੰ ਅੰਮ੍ਰਿਤਸਰ ਦਾ ਸਹਿਰੀ ਪ੍ਰਧਾਨ ਨਿਯੁਕਤ ਕੀਤਾ ਅਤੇ ਦਬੁਰਜੀ ਤੋਂ ਬਿੰਦ ਸਟੂਡੀਓ ਨੂੰ ਸਰਕਲ ਪ੍ਰਧਾਨ, ਸਰਦਾਰ ਸਟੂਡੀਓ ਮਾਨਾਂਵਾਲਾ ਨੂੰ ਸਲਾਹਕਾਰ, ਪਲਵਿੰਦਰ ਸਿੰਘ ਗੀਟਾ ਸਟੂਡੀਓ ਟਾਹਲੀ ਸਾਹਿਬ ਨੂੰ ਸਰਕਲ ਪ੍ਰਧਾਨ, ਨਿਤਿਨ ਸਟੂਡੀਓ ਢੱਡੇ ਨੂੰ ਸਰਕਲ ਪ੍ਰਧਾਨ ਨਿਯੁਕਤ ਕੀਤਾ ਗਿਆ।ਇਸ ਮੌਕੇ ਬ੍ਰਦਰਜ਼ ਫ਼ੋਟੋਗ੍ਰਾਫਰ ਐਸੋਸੀਏਸ਼ਨ ਦੇ ਪ੍ਰਧਾਨ ਭਗਵਾਨ ਸਿੰਘ ਖੁਜਾਲਾ ਵੱਲੋਂ ਮੀਟਿੰਗ ਵਿੱਚ ਪਹੁੰਚੇ ਸਾਰੇ ਫ਼ੋਟੋਗ੍ਰਾਫਰਾਂ ਦਾ ਧੰਨਵਾਦ ਵੀ ਕੀਤਾ ਗਿਆ।ਇਸ ਮੌਕੇ ਜਤਿੰਦਰ ਸਟੂਡੀਓ ਚੈਅਰਮੈਨ,ਭਗਵਾਨ ਸਿੰਘ ਖੁਜਾਲਾ ਪ੍ਰਧਾਨ,ਲੱਖਾ ਸਟੂਡੀਓ ਚਵਿੰਡਾ ਦੇਵੀ ਮੀਤ ਪ੍ਰਧਾਨ,ਹਰਜੀਤ ਸਟੂਡੀਓ ਤਰਸਿੱਕਾ ਜਨਰਲ ਸਕੱਤਰ,ਸੁਰਿੰਦਰ ਸਟੂਡੀਓ ਚਵਿੰਡਾ ਦੇਵੀ ਕੈਸ਼ੀਅਰ, ਲੱਡੂ ਫ਼ੋਟੋਗ੍ਰਾਫਰ ਰਸੂਲਪੁਰ. ਸਲਾਹਕਾਰ, ਢਿੱਲੋਂ ਸਟੂਡੀਓ ਟਾਂਗਰਾ ਸਰਕਲ ਪ੍ਰਧਾਨ, ਸੁਰਿੰਦਰ ਸਿੰਘ ਵਿਰਕ ਰਾਮਪੁਰਾ ,ਬੱਬੀ ਫ਼ੋਟੋਗ੍ਰਾਫਰ ਸਰਕਲ ਪ੍ਰਧਾਨ ਗਹਿਰੀ ਮੰਡੀ,ਗੁਰਦੀਪ ਸਿੰਘ ਸਰਕਲ ਪ੍ਰਧਾਨ ਮਹਿਤਾ, ਗੀਟਾ ਸਟੂਡੀਓ ਟਾਹਲੀ ਸਾਹਿਬ,ਭਨੋਟ ਸਟੂਡੀਓ, ਰੰਧਾਵਾ ਸਟੂਡੀਓ ਟਾਹਲੀ ਸਾਹਿਬ, ਨਿਤਿਨ ਸਟੂਡੀਓ ਢੱਡੇ, ਜਗਰੂਪ ਫ਼ੋਟੋਗ੍ਰਾਫ਼ੀ ਚਵਿੰਡਾ ਦੇਵੀ,ਬੱਬਲ ਚਵਿੰਡਾ ਦੇਵੀ, ਰਣਜੀਤ ਸਟੂਡੀਓ ਕੱਥੂਨੰਗਲ,ਲਾਡੀ ਮਿਕਸਿੰਗ ਨਵਾਂ ਪਿੰਡ, ਸੋਨੂੰ ਰਾਏ, ਯੂ ਲਾਈਕ ਨਵਾਂ ਪਿੰਡ,ਬੱਬਾ ਸਟੂਡੀਓ ਡੱਡੂਆਣਾ,ਦੀਪ ਢਪੱਈਆਂ, ਕੁਲਦੀਪ ਸਟੂਡੀਓ ਖੁਜਾਲਾ,ਪਵਨ ਸਟੂਡੀਓ ਖੁਜਾਲਾ ਤੋਂ ਅਜੇਦੀਪ ਖੁਜਾਲਾ, ਹੈਪੀ ਸਟੂਡੀਓ ਸੈਦਪੁਰ, ਅਮਰਜੀਤ ਸਟੂਡੀਓ ਤਰਸਿੱਕਾ,ਰਾਜਾ ਨਾਥ ਦੀ ਖੂਹੀ,ਅਤੇ ਦਬੁਰਜੀ ਤੋਂ ਸਾਰੇ ਸਟੂਡੀਓ ਵਾਲੇ ਹਾਜ਼ਰ ਸਨ।

### ਪੰਜਾਬ ਬੋਰਡ ਵੱਲੋਂ ਦਿੱਤੀ ਹਦਾਇਤ ਅਨੁਸਾਰ

# ਦਸ਼ਮੇਸ਼ ਪਬਲਿਕ ਸਕੂਲ ਵੱਲੋਂ ਲਗਾਏ ਗਏ ਰੁੱਖ



ਚੌਂਕ ਮਹਿਤਾ, 10ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ)ਮਨੁੱਖੀ ਜੀਵਨ, ਪੰਛੀਆਂ, ਪਸ਼ੂਆਂ ਅਤੇ ਧਰਤੀ ਬਚਾਉਣ ਦੇ ਨਾਲ਼-ਨਾਲ਼ ਸੁੱਰਖਿਅਤ ਰੱਖਣ ਲਈ ਵੱਧ ਤੋਂ ਵੱਧ ਰੁੱਖ ਲਗਾਓਣਾ ਅੱਜ ਦੇ ਯੁੱਗ ਦੀ ਮੁੱਖ ਲੋੜ ਬਣ ਚੁੱਕੀ ਹੈ। ਇਸ ਲੋੜ ਨੂੰ ਮੁੱਖ ਰੱਖਦੇ ਹੋਏ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਵਿਸ਼ੇਸ਼ ਉਪਰਾਲਾ ਕੀਤਾ ਗਿਆ। ਜਿਸ ਵਿੱਚ ਪੂਰੇ ਰਾਜ ਵਿੱਚ ਬੋਰਡ ਨਾਲ ਸੰਬੰਧਿਤ ਸਕੂਲਾਂ ਵਿੱਚ ਇੱਕੋ ਸਮੇਂ 'ਤੇ ਇਸ ਮੁਹਿੰਮ ਦਾ ਹਿੱਸਾ ਬਣਦੇ ਹੋਏ ਵੱਧ ਤੋਂ ਵੱਧ ਰੁੱਖ ਲਗਾ ਕੇ ਵਾਤਾਵਰਣ ਦੀ ਸੰਭਾਲ ਕਰਨ ਦੀ ਪੁਰਜ਼ੋਰ ਕੋਸ਼ਿਸ਼ ਕਰਨ ਦੀ ਹਿਦਾਇਤ ਦਿੱਤੀ ਗਈ ਹੈ। ਇਸ ਕਾਰਜ਼ ਵਿੱਚ ਦਸ਼ਮੇਸ਼ ਪਬਲਿਕ ਸੀਨੀਅਰ ਸੈਕੰਡਰੀ ਸਕੂਲ , ਮਹਿਤਾ ਚੌਂਕ ਦੇ ਵਿਦਿਆਰਥੀਆਂ ਅਤੇ ਅਧਿਆਪਕਾਂ ਵੱਲੋਂ ਆਪਣਾ ਯੋਗਦਾਨ ਪਾਇਆ ਗਿਆ। ਵਿਦਿਆਰਥੀਆਂ ਅਤੇ ਅਧਿਆਪਕਾਂ ਵੱਲੋਂ ਸਕੂਲ ਕੰਪਾਊਂਡ ਵਿੱਚ ਪੌਦੇ ਲਗਾਏ ਗਏ। ਬੋਰਡ ਵੱਲੋਂ ਇਸ ਮੁਹਿੰਮ ਤਹਿਤ 15000 ਰੁੱਖ ਲਗਾਉਣ ਦਾ ਟੀਚਾ ਮਿੱਥਿਆ ਗਿਆ ਹੈ। ਇਸ ਟੀਚੇ ਨੂੰ ਆਪਸੀ ਸਹਿਯੋਗ ਨਾਲ਼ ਹੀ ਪੂਰਾ ਕੀਤਾ ਜਾ ਸਕਦਾ ਹੈ।ਸੋ, ਸਾਨੂੰ ਸਭ ਨੂੰ ਇਸ ਮੁਹਿੰਮ ਵਿੱਚ ਹਿੱਸਾ ਲੈਣਾ ਚਾਹੀਦਾ ਹੈ।

ਇਸ ਸੰਬੰਧੀ ਦਸ਼ਮੇਸ਼ ਪਬਲਿਕ ਸਕੂਲ ਦੇ ਵਾਇਸ ਪ੍ਰਿੰਸੀਪਲ ਮੈਡਮ ਬਲਜੀਤ ਕੌਰ ਨੇ ਜਾਣਕਾਰੀ ਦਿੰਦਿਆਂ ਹੋਇਆ ਦੱਸਿਆ ਕਿ ਇਹ ਰੁੱਖ ਬੋਰਡ ਦੀ ਹਦਾਇਤ ਅਨੁਸਾਰ ਇਮਤਿਹਾਨ ਵਿੱਚੋਂ ਪਹਿਲੀਆਂ ਪੁਜੀਸ਼ਨਾਂ ਪ੍ਰਾਪਤ ਕੀਤੇ ਗਏ ਵਿਦਿਆਰਥੀਆਂ ਵੱਲੋਂ ਹੀ ਲਗਾਏ ਹਨ।ਉਹਨਾਂ ਨੇ ਕਿਹਾ ਕਿ ਰੁੱਖ ਮਨੁੱਖ ਦੇ ਹਮੇਸ਼ਾ ਤੋਂ ਸੱਚੇ ਦੋਸਤ ਰਹੇ ਹਨ, ਜੋ ਸਾਡੇ ਜੀਵਨ ਦੀ ਬੁਨਿਆਦ ਬਣਦੇ ਹਨ।ਇਸ ਲਈ ਸਾਨੂੰ ਵੱਧ ਤੋਂ ਵੱਧ ਰੁੱਖ ਲਗਾ ਕੇ ਵਾਤਾਵਰਨ ਨੂੰ ਬਚਾਉਣਾ ਚਾਹੀਦਾ ਹੈ। ਸਾਰੇ ਸਕੂਲਾਂ ਨੂੰ ਇਸ ਮੁਹਿੰਮ ਨਾਲ ਜੋੜ ਕੇ ਪੁੰਨ ਦਾ ਕੰਮ ਕਰਦੇ ਹਨ ਸਕੂਲ ਦੇ ਚੇਅਰਮੈਨ ਸਰਦਾਰ ਗੁਰਦੀਪ ਸਿੰਘ ਰੰਧਾਵਾ ਜੀ ਨੇ ਕਿਹਾ ਕਿ ਰੁੱਖਾ ਦੀ ਮਹੱਤਤਾ ਬਾਰੇ ਵਿਦਿਆਰਥੀਆ ਨੂੰ ਜਾਗਰੂਕ ਕਰਵਾਉਣਾ ਸਾਡਾ ਫਰਜ਼ ਹੈ। ਰੁੱਖ ਲਗਾਉਣ ਨਾਲ ਜਿੱਥੇ ਵਾਤਾਵਰਨ ਸੰਤੁਲਿਤ ਹੋਵੇਗਾ, ਉੱਥੇ ਮਨੁੱਖੀ ਜੀਵਨ ਵੀ ਖੁਸ਼ਹਾਲ ਬਣ ਪਾਵੇਗਾ।ਉਹਨਾਂ ਨੇ ਵਿਦਿਆਰਥੀਆ ਨੂੰ ਆਪਣੀ ਹੱਥੀਂ ਹੋਰ ਰੁੱਖ ਲਗਾਉਣ ਅਤੇ ਉਹਨਾਂ ਦੀ ਸਾਂਭ-ਸੰਭਾਲ ਕਰਨ ਲਈ ਕਿਹਾ। ਇਸ ਮੌਕੇ ਚੇਅਰਮੈਨ ਸਰਦਾਰ ਗੁਰਦੀਪ ਸਿੰਘ ਰੰਧਾਵਾ, ਮੈਡਮ ਬਲਜੀਤ ਕੌਰ, ਮੈਡਮ ਰਵਿੰਦਰ ਕੌਰ, ਸਰ ਕੁਲਵਿੰਦਰ ਸਿੰਘ ਅਤੇ ਸਰ ਦਵਿੰਦਰ ਸਿੰਘ ਮੌਜੂਦ ਰਹੇ।

# ਸਬ ਸੈਂਟਰ ਤਲਵੰਡੀ ਸਾਬੋ ਵਿਖੇ ਲਾਇਆ ਡੇਂਗੂ ਸਬੰਧੀ ਜਾਗਰੂਕਤਾ ਕੈਂਪ



ਤਲਵੰਡੀ ਸਾਬੋ, 10 ਜੁਲਾਈ (ਗੁਰਜੰਟ ਸਿੰਘ ਨਥੇਹਾ)- ਸਿਵਲ ਸਰਜਨ ਬਠਿੰਡਾ ਡਾ. ਤੇਜਵੰਤ ਸਿੰਘ ਢਿੱਲੋਂ, ਜਿਲਾ ਸਿਹਤ ਅਫਸਰ ਡਾ. ਊਸ਼ਾ ਗੋਇਲ, ਜਿਲਾ ਐਪੀਡੀਮੋਲੋਜਿਸਟ ਡਾ. ਮਯੰਕਜੋਤ ਸਿੰਘ ਦੇ ਨਿਰਦੇਸ਼ਾਂ ਦੀ ਪਾਲਣਾ ਕਰਦੇ ਡਾ. ਦਰਸ਼ਨ ਕੌਰ ਐਸਐਮਓ ਤਲਵੰਡੀ ਸਾਬੋ, ਜਿਲਾ ਏਐਮਓ ਹਰਵਿੰਦਰ ਸਿੰਘ ਦੀ ਯੋਗ ਅਗਵਾਈ ਹੇਠ ਸਬ ਸੈਂਟਰ ਤਲਵੰਡੀ ਸਾਬੋ ਵਿਖੇ ਡੇਂਗੂ ਸਬੰਧੀ ਜਾਗਰੂਕਤਾ ਕੈਂਪ ਲਗਾਇਆ। ਇਸ ਮੌਕੇ ਹੈਲਥ ਸੁਪਰਵਾਈਜਰ ਕੁਲਦੀਪ ਸਿੰਘ ਨੇ ਦੱਸਿਆ ਇਸ ਮਹੀਨੇ ਤਲਵੰਡੀ ਸਾਬੋ ਦੇ ਅਧੀਨ ਪੈਂਦੇ ਸਾਰੇ ਤੰਦਰੁਸਤੀ ਤੇ ਸਿਹਤ ਕੇਂਦਰਾਂ ਤੇ ਵੱਖ-ਵੱਖ ਪਿੰਡਾਂ 'ਚ ਜਾਗਰੂਕਤਾ ਕੈਂਪ ਲਗਾ ਕੇ ਲੋਕਾਂ ਨੂੰ ਡੇਂਗੂ ਤੋਂ ਬਚਾਅ ਲਈ ਜਾਗਰੂਕ ਕੀਤਾ ਜਾ ਰਿਹਾ ਹੈ ਤੇ ਇਸੇ ਲੜੀ ਤਹਿਤ ਸਬ ਸੈਂਟਰ ਤਲਵੰਡੀ ਸਾਬੋ ਵਿਖੇ ਡੇਂਗੂ ਬਾਰੇ ਵਿਸਤਾਰ ਨਾਲ ਦੱਸਿਆ। ਡੇਂਗੂ ਮਾਦਾ ਮੱਛਰ ਦੇ ਡੰਗਣ ਕਾਰਨ ਹੁੰਦਾ ਹੈ ਜੋ ਕਿ ਖੜ੍ਹੇ ਸਾਫ਼ ਪਾਣੀ 'ਚ ਪੈਦਾ ਹੁੰਦਾ ਹੈ। ਇਸ ਲਈ ਜ਼ਰੂਰੀ ਹੈ ਕਿ ਘਰਾਂ ਦੇ ਆਲੇ-ਦੁਆਲੇ ਤੇ ਛੱਤਾਂ 'ਤੇ ਪਾਣੀ ਖੜ੍ਹਾ ਨਾ ਹੋਣ ਦਿੱਤਾ ਜਾਵੇ। ਖਾਸਕਰ ਬਾਰਸ਼ਾਂ ਦੇ ਮੌਸਮ ਦੌਰਾਨ ਘਰਾਂ ਦੀਆਂ ਛੱਤਾਂ 'ਤੇ ਪਏ ਕਬਾੜ, ਗਮਲਿਆਂ, ਟੁੱਟੇ ਬਰਤਨਾਂ ਆਦਿ ਦੀ ਸਫ਼ਾਈ ਕੀਤੀ ਜਾਵੇ। ਪੂਰੇ ਸਰੀਰ ਨੂੰ ਢਕਣ ਵਾਲੇ ਕੱਪੜੇ ਪਾਏ ਜਾਣ ਅਤੇ ਰਾਤ ਨੂੰ ਸੌਣ ਵਾਲੇ ਮੱਛਰ ਭੁਜਾਉਣ ਵਾਲੀਆਂ ਕਰੀਮਾਂ, ਮੱਛਰ ਭੁਜਾਊ ਜੰਤਰਾਂ ਅਤੇ ਜਾਲੀਦਾਰ ਦਰਵਾਜਿਆਂ ਆਦਿ ਦੀ ਵਰਤੋਂ ਕੀਤੀ ਜਾਵੇ। ਇਸ ਮੌਕੇ ਸਿਹਤ ਕਰਮਚਾਰੀ ਹਰਪਾਲ ਸਿੰਘ ਗਿਆਨਾ, ਕੁਲਦੀਪ ਸਿੰਘ ਕਮਾਲੂ, ਅਮਰਜੀਤ ਕੌਰ ਏਐਨਐਮ, ਆਸ਼ਾ ਵਰਕਰ ਅਤੇ ਬਰੀਡ ਚੈਕਰ ਅਮਨਪ੍ਰੀਤ ਸਿੰਘ, ਅਮਨਦੀਪ ਸਿੰਘ ਹਾਜ਼ਰ ਸਨ।

# ਪੰਜਾਬ ਸਰਕਾਰ ਦੀਆਂ ਕੋਸ਼ਿਸ਼ਾਂ ਸਦਕਾ ਸੂਬੇ ਵਿੱਚ ਮੱਛੀ ਪਾਲਣ ਅਧੀਨ ਰਕਬੇ ਵਿੱਚ 1942 ਏਕੜ ਦਾ ਵਾਧਾ ਹੋਇਆ : ਵਿਧਾਇਕ ਅਮਰਪਾਲ ਸਿੰਘ



**ਸ੍ਰੀ ਹਰਗੋਬਿੰਦਪੁਰ ਸਾਹਿਬ ਜੀ, 10 ਜੁਲਾਈ ( ਕੁਲਜੀਤ ਸਿੰਘ ਖੋਖਰ)**- ਸੂਬੇ ਵਿੱਚ ਨੀਲੀ ਕ੍ਰਾਂਤੀ ਵੱਲ ਅਹਿਮ ਕਦਮ ਚੁੱਕਦਿਆਂ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਵਿੱਤੀ ਵਰ੍ਹੇ 2023-24 ਦੌਰਾਨ ਮੱਛੀ ਪਾਲਣ ਅਧੀਨ 1942 ਏਕੜ ਰਕਬਾ ਵਧਾਉਣ ਵਿੱਚ ਸਫ਼ਲਤਾ ਹਾਸਲ ਕੀਤੀ ਹੈ। ਇਸ ਸਬੰਧੀ ਗੱਲ ਕਰਦਿਆਂ ਵਿਧਾਨ ਸਭਾ ਹਲਕਾ ਸ੍ਰੀ ਹਰਗੋਬਿੰਦਪੁਰ ਸਾਹਿਬ ਦੇ ਵਿਧਾਇਕ ਐਡਵੋਕੇਟ ਅਮਰਪਾਲ ਸਿੰਘ ਨੇ ਕਿਹਾ ਕਿ ਇੱਕ ਸਾਲ ਵਿੱਚ ਇਹ ਰਕਬਾ 42,031 ਏਕੜ ਤੋਂ ਵੱਧ ਕੇ 43,973 ਏਕੜ ਹੋ ਗਿਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਮੱਛੀ ਪਾਲਣ ਨੂੰ ਖੇਤੀ ਦੇ ਸਹਾਇਕ ਕਿੱਤੇ ਵਜੋਂ ਉਤਸ਼ਾਹਿਤ ਕਰਨ ਲਈ ਹਰ ਸੰਭਵ ਯਤਨ ਕਰ ਰਹੀ ਹੈ ਤਾਂ ਜੋ ਕਿਸਾਨਾਂ ਦੀ ਆਮਦਨ ਵਿੱਚ ਵਾਧਾ ਕੀਤਾ ਜਾ ਸਕੇ। ਵਿਧਾਇਕ ਐਡਵੋਕੇਟ ਅਮਰਪਾਲ ਸਿੰਘ ਨੇ ਅੱਗੇ ਦੱਸਿਆ ਕਿ ਸੂਬਾ ਸਰਕਾਰ ਵੱਲੋਂ 16 ਸਰਕਾਰੀ ਮੱਛੀ ਪੂੰਗ ਫਾਰਮਾਂ ਤੋਂ ਮੱਛੀ ਪਾਲਕਾਂ ਨੂੰ ਕਿਫ਼ਾਇਤੀ ਦਰਾਂ 'ਤੇ ਮਿਆਰੀ ਮੱਛੀ ਪੂੰਗ ਮੁਹੱਈਆ ਕਰਵਾਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਸੂਬਾ ਸਰਕਾਰ ਵੱਲੋਂ ਮੱਛੀ ਅਤੇ ਝੀਂਗਾ ਦੇ ਤਾਲਾਬਾਂ, ਮੱਛੀ ਟਰਾਂਸਪੋਰਟ ਵਾਹਨਾਂ ਦੀ ਖ਼ਰੀਦ, ਮੱਛੀ ਕਿਓਸਕ/ਦੁਕਾਨਾਂ, ਕੋਲਡ ਸਟੋਰੇਜ ਪਲਾਂਟ, ਮੱਛੀ ਫੀਡ ਮਿੱਲਾਂ ਅਤੇ ਸਜਾਵਟੀ ਮੱਛੀ ਸਬੰਧੀ ਯੂਨਿਟਾਂ ਵਰਗੇ ਵੱਖ-ਵੱਖ ਪ੍ਰਾਜੈਕਟਾਂ ਨੂੰ ਅਪਣਾਉਣ ਲਈ 40 ਫ਼ੀਸਦੀ ਤੋਂ 60 ਫ਼ੀਸਦੀ ਤੱਕ ਸਬਸਿਡੀ ਦਿੱਤੀ ਜਾ ਰਹੀ ਹੈ। ਪੰਜਾਬ ਸਰਕਾਰ ਨੇ ਲਗਭਗ 25 ਕਰੋੜ ਰੁਪਏ ਦੀ ਸਬਸਿਡੀ ਦੇ ਕੇ 450 ਲਾਭਪਾਤਰੀਆਂ ਨੂੰ ਸਵੈ-ਰੁਜ਼ਗਾਰ ਮੁਹੱਈਆ ਕਰਵਾਇਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਕਿਸਾਨਾਂ ਦੀ ਭਲਾਈ ਲਈ ਵਚਨਬੱਧ ਹੈ।

# ਡੇਢ ਅਰਬ (1.44) ਦੀ ਆਬਾਦੀ ਵਿੱਚੋਂ ਕੇਂਦਰ ਕੋਲ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੇ ਬਰਾਬਰ ਦਾ ਇਕ ਵੀ ਬੁਲਾਰਾ ਨਹੀਂ

## ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੇ ਵਿਚਾਰਾਂ ਤੋਂ ਡਰਦੀ ਹੈ ਕੇਂਦਰ



ਸੰਸਾਰ ਦੀ ਸਿੱਖ ਨੌਜਵਾਨੀ ਦੇ ਦਿਲਾਂ ਦੀ ਧੜਕਨ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੇ ਬਰਾਬਰ ਦਾ ਬੁਲਾਰਾ ਡੇਢ ਅਰਬ ਦੀ ਆਬਾਦੀ ਦੇ ਵਿੱਚੋਂ ਕੇਂਦਰ ਕੋਲ ਇੱਕ ਵੀ ਨਹੀਂ । ਇਹ ਲਿਖੀਆਂ ਸਤਰਾਂ ਉਦੋਂ ਪੂਰੇ ਸੰਸਾਰ ਨੇ ਸੱਚ ਸਾਬਤ ਹੋਈਆਂ ਦੇਖੀਆਂ , ਜਦੋਂ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਨੂੰ ਡਿਬਰੂਗੜ੍ਹ ਜੇਲ ਤੋਂ ਲੋਕ ਸਭਾ ਲਿਆਂਦਾ ਗਿਆ । ਜਿਸ ਵਿੱਚ ਚਾਰ ਦਿਨਾਂ ਦੀ ਪਰੋਲ , ਦਿੱਲੀ ਵਿੱਚੋਂ ਸਿਰਫ ਚਾਰ ਘੰਟਿਆਂ ਚ ਹੀ ਮੋੜ ਕੇ ਦੁਬਾਰਾ ਭਾਈ ਅੰਮ੍ਰਿਤ ਪਾਲ ਸਿੰਘ ਖਾਲਸਾ ਨੂੰ ਛੱਡ ਦਿੱਤਾ ਗਿਆ ਡਿਬਰੂਗੜ । ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੇ ਵਿਚਾਰਾਂ ਦਾ ਇਨਾ ਖੌਫ, ਪ੍ਰੈਸ ਦੇ ਸਾਹਮਣੇ ਇੱਕ ਵੀ ਇੱਕ ਵੀ ਬਿਆਨ ਨਾ ਦੇਣ ਦਾ ਸਪੈਸ਼ਲ ਨੋਟੀਫਿਕੇਸ਼ਨ ਜਾਰੀ ਕੀਤਾ ਗਿਆ ਸੀ । ਹਾਲਾਂਕਿ ਇਹ ਕਾਨੂੰਨੀ ਤੌਰ ਤੇ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਹੈ । ਲੋਕਾਂ ਵੱਲੋਂ ਚੁਣੇ ਹੋਏ ਨੁਮਾਇੰਦੇ ਦੀ ਆਵਾਜ਼ ਨੂੰ ਦਬਾਉਣਾ ਲੋਕਤੰਤਰ ਦਾ ਘਾਣ ਹੈ । ਪਰ ਆਪਾਂ ਗੱਲ ਕਰ ਰਹੇ ਹਾਂ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੇ ਵਿਚਾਰਾਂ ਦੀ , ਜਿਨਾਂ ਵਿਚਾਰਾਂ ਦਾ ਤੋੜ ਕੇਂਦਰ ਸਰਕਾਰ ਕੋਲ ਨਹੀਂ ਹੈ । ਖਾਲਸਾ ਰਾਜ ਦੀਆਂ ਉਹ ਤਕਰੀਰਾਂ, ਜੋ ਸੰਸਾਰ ਵਿੱਚ ਵੱਸਦੀ ਸਿੱਖ ਨੌਜਵਾਨੀ ਦੇ ਦਿਲਾਂ ਤੱਕ ਖੁਬਦੀਆਂ ਹਨ । ਲੋਕ ਸਭਾ ਦੇ ਸੈਸ਼ਨਾ ਵਿੱਚ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੀਆਂ ਤਕਰੀਰਾਂ ਨੂੰ ਰੋਕਣ ਲਈ, ਕੀ ਨਵੀਂ ਬਿਉਤਵੰਦੀ ਘੜੇਗੀ, ਜਾਂ ਐ ਕਹਿ ਲਓ ਹਲੇ ਜਨਤਕ ਨਹੀਂ ਕੀਤਾ ਪਰ ਬਿਉਂਤਬੰਦੀ ਘੜ ਚੁੱਕੀ ਕੇਂਦਰ ਸਰਕਾਰ, ਇਹ ਆਉਣ ਵਾਲੇ ਦਿਨਾਂ ਵਿੱਚ ਸਪਸ਼ਟ ਹੋ ਜਾਵੇਗਾ । **-ਪਰਗਟ ਸਿੰਘ ਬਲ਼ਬੇੜ੍ਹਾ, 9022000070**

### ਵਾਤਾਵਰਣ ਨੂੰ ਹਰਾ ਭਰਾ ਬਣਾਉਣ ਲਈ ਹਰੇਕ ਨੌਜਵਾਨਾਂ ਨੂੰ

# ਵੱਧ ਤੋਂ ਵੱਧ ਪੌਦੇ ਲਗਾਉਣੇ ਚਾਹੀਦੇ ਹਨ : ਸਮਾਜ ਸੇਵੀ ਹਰਜਿੰਦਰ ਸਿੰਘ ਜਲਾਲ ਉਸਮਾ






ਚੌਕ ਮਹਿਤਾ 9 ਜੁਲਾਈ ( ਬਾਬਾ ਸੁਖਵੰਤ ਸਿੰਘ ਚੰਨਣਕੇ) ਹਰੇਕ ਨੌਜਵਾਨ, ਅਤੇ ਸਮਾਜ ਸੇਵਕਾਂ, ਗੁਰਦੁਆਰਾ ਪ੍ਰਬੰਧਕ ਕਮੇਟੀਆ ,ਧਾਰਮਿਕ ਸੁਸਇਟੀਆ,ਪੰਚਾਇਤਾ ਨੂੰ ਆਪਣੇ ਆਪਣੇ ਪਿੰਡਾਂ ਵਿੱਚ ਵਾਤਾਵਰਣ ਨੂੰ ਹਰਾ ਭਰਾ ਬਣਾਉਣ ਲਈ ਵੱਧ ਤੋਂ ਵੱਧ ਦਰਖੱਤ ਲਗਉਣੇ ਚਾਹੀਦੀ ਹਨ। ਕਿਉਂਕਿ ਦਿਨੋਂ ਦਿਨ ਪਾਣੀ ਹੇਠਾਂ ਨੂੰ ਜਾ ਰਿਹਾ ਹੈ। ਧਰਤੀ ਦੀ ਤਪੱਸ ਵੱਧ ਰਹੀ ਹੈ ਅਤੇ ਵਾਤਾਵਰਣ ਗੰਧਲਾ ਹੁੰਦਾ ਜਾਂ ਰਿਹਾ ਹੈ। ਇਹ ਵਿਚਾਰ ਪੱਤਰਕਾਰਾ ਨਾਲ ਵਿਚਾਰ ਸਾਝੇ ਕਰਦੇ ਹੋਏ ਸਮਾਜ ਸੇਵੀ ਅਕਾਸ਼ ਟਰਾਂਸਪੋਰਟ ਦਬੁੱਈ ਦੇ ਮਾਲਕ ਸ, ਜਗੀਰ ਸਿੰਘ ਜਲਾਲ ਉਸਮਾ ਦੇ ਸਪੁੱਤਰ ਸ, ਹਰਜਿੰਦਰ ਸਿੰਘ ਜਲਾਲ ਉਸਮਾ ਜਿਲਾ ਵਾਈਸ ਪ੍ਰਧਾਨ ਵਪਾਰ ਮੰਡਲ ਸ੍ਰੀ ਅੰਮ੍ਰਿਤਸਰ ਪੀ, ਏ ਸ੍ਰੀ ਵਿਨੀਤ ਵਰਮਾ ਨੇ ਆਪਣੇ ਪਿੰਡ ਦੇ ਆਪਣੇ ਦੇ ਸਮਸਾਨਘਾਟ ਵਿੱਚ ਬੂਟੇ ਲਗਉਣ ਸਮੇਂ ਕਿਹਾ ਕਿ ਸਾਨੂੰ ਸਾਰਿਆਂ ਨੂੰ ਪੰਜਾਬ ਵਿੱਚ ਛਾਂਦਰ, ਫੱਲਾ ਅਤੇ ਫੁੱਲਾਂ ਦੇ ਬੂਟੇ ਲਗਉਣ ਲਗਉਣੇ ਚਾਹੀਦੇ ਹਨ। ਉਨ੍ਹਾਂ ਨੇ ਕਿਹਾ ਕਿ ਅਸੀਂ ਦਰਖੱਤਾ ਨੂੰ ਦਿਨੋ ਦਿਨ ਕਟੀ ਜਾਂ ਰਹੇ ਹਾਂ ਕੁਝ ਦਰਖਤਾਂ ਨੂੰ ਅੱਗ ਦੇ ਨਾਲ ਸਾੜੀ ਜਾਦੇ ਹਾਂ। ਪੰਜਾਬ ਦਾ ਵਾਤਾਵਰਣ ਗੰਧਲਾ ਹੁੰਦਾ ਜਾਂ ਰਿਹਾ ਹੈ। ਉਨ੍ਹਾਂ ਨੇ ਕਿਹਾ ਕਿ ਬੂਟਿਆਂ ਨੂੰ ਆਪਣੇ ਪੁੱਤਰਾ ਵਾਂਗੂ ਸਾਂਭ ਸੰਭਾਲ ਕਰਨੀ ਚਾਹੀਦੀ ਹੈ। ਸ, ਹਰਜਿੰਦਰ ਸਿੰਘ ਜਲਾਲ ਉਸਮਾ ਨੇ ਪਿਛਲੇ ਦਿਨਾਂ ਵਿੱਚ ਤਕਰੀਬਨ 1000 ਬੂਟਾ ਲਾਇਆ ਵੀ ਹੈਂ ਅਤੇ ਵੰਡਿਆਂ ਗਿਆ ਹੈ ਇਸ ਦੌਰਾਨ ਹਲਕਾ ਜੰਡਿਆਲਾ ਗੁਰੂ ਦੇ ਸੀਨੀਅਰ ਲੀਡਰ ਲਖਵਿੰਦਰ ਸਿੰਘ ਜਲਾਲ ਉਸਮਾ, ਬਲਜੀਤ ਸਿੰਘ ਉਸਮਾ ਦੁਬੱਈ , ਗੁਰਦਿਆਲ ਸਿੰਘ ਉਸਮਾ,ਉਪਦੇਸ ਸਿੰਘ,ਮਨਜਿੰਦਰ ਸਿੰਘ ਉਸਮਾ,ਲਖਵਿੰਦਰ ਸਿੰਘ ਉਸਮਾ ਦੋਹਾਂ ਕੱਤਰ,ਅਤੇ ਪਿੰਡ ਦੇ ਨੰਨੇ ਮੁੰਨੇ ਬੱਚੇ ਹਾਜਰ ਸਨ।

### ਸਾਜਿਸ਼ ਤਹਿਤ ਸਿੱਖਾਂ ਨੂੰ ਬਦਨਾਮ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ—ਫੈਡਰੇਸ਼ਨ ਮਹਿਤਾ

# ਸਿੱਖਾਂ ਦੇ ਸਤਿਕਾਰਤ ਆਗੂ ਤੇ ਦਰਜ ਕੇਸ ਰੱਦ ਹੋਵੇ : ਭਾਈ ਜਸਪਾਲ ਸਿੰਘ

ਫ਼ਿਰੋਜ਼ਪੁਰ, 10 ਜੁਲਾਈ (ਮਨੋਹਰ ਲਾਲ):— ਰਾਜਸਥਾਨ ਸਰਕਾਰ ਵੱਲੋਂ ਗੰਗਾਨਗਰ ਦੇ ਗੁਰਦੁਆਰਾ ਸ਼ਹੀਦ ਬਾਬਾ ਦੀਪ ਸਿੰਘ ਦੇ ਮੁੱਖ ਸੇਵਾਦਾਰ ਅਤੇ ਸਮੁੱਚੇ ਰਾਜਸਥਾਨ ਦੇ ਸਤਿਕਾਰਤਾ ਸਿੱਖ ਆਗੂ ਭਾਈ ਤਜਿੰਦਰਪਾਲ ਸਿੰਘ ਟਿੰਮਾ ਦੇ ਦੇਸ਼ ਧ੍ਰੋਹ ਦਾ ਮੁਕੱਦਮਾ ਦਰਜ ਦੀ ਸਿੱਖ ਸਟੂਡੈਂਟਸ ਫੈਡਰੇਸ਼ਨ ਮਹਿਤਾ ਨੇ ਜ਼ੋਰਦਾਰ ਨਿਖੇਧੀ ਕੀਤੀ ਹੈ। ਇਸ ਸਬੰਧੀ ਆਪਣੇ ਵਿਚਾਰ ਸਾਂਝੇ ਕਰਦਿਆਂ ਫੈਡਰੇਸ਼ਨ ਦੇ ਕੌਮੀ ਸੀਨੀਅਰ ਮੀਤ ਪ੍ਰਧਾਨ ਭਾਈ ਜ਼ਸਪਾਲ ਸਿੰਘ, ਭਾਈ ਸੁਖਦੇਵ ਸਿੰਘ ਲਾਡਾ, ਜਰਨੈਲ ਸਿੰਘ ਗਾਬੜੀਆ, ਡਾ: ਗੁਰਮੀਤ ਸਿੰਘ ਸਿੱਧੂ ਤੇ ਜ਼ਸਬੀਰ ਸਿੰਘ ਤੇਗਾ ਸਿੰਘ ਵਾਲਾ ਨੇ ਕਿਹਾ ਕਿ ਭਾਰਤ ਦੇਸ਼ ਵਿਚ ਕਿਸੇ ਨੂੰ ਆਪਣੇ ਧਰਮ ਦੇ ਪ੍ਰਚਾਰ ਕਰਨ ਦੀ ਵੀ ਖੁੱਲ ਨਹੀਂ ਰਹੀ। ਉਨ੍ਹਾਂ ਕਿਹਾ ਕਿ ਜ਼ੋ ਵੀ ਵਿਅਕਤੀ ਆਪਣੇ ਧਰਮ ਉਪਰ ਹੋ ਰਹੇ ਅੱਤਿਆਚਾਰ ਅਤੇ ਬੇਇਨਸਾਫੀਆਂ ਲਈ ਆਵਾਜ਼ ਬੁਲੰਦ ਕਰਦਾ ਹੈ ਤਾਂ ਉਸ ਤੇ ਵੱਖ—ਵੱਖ ਧਰਾਵਾਂ ਤਹਿਤ ਦੇਸ਼ ਧ੍ਰੋਹ ਦਾ ਮੁਕੱਦਮਾ ਦਰਜ ਕਰ ਦਿੱਤਾ ਜਾਂਦਾ ਹੈ, ਜ਼ੋ ਲੋਕਤੰਤਰ ਦਾ ਘਾਣ ਹੈ। ਭਾਈ ਜ਼ਸਪਾਲ ਸਿੰਘ ਤੇ ਸਾਥੀਆਂ ਨੇ ਕਿਹਾ ਕਿ ਲੋਕਤੰਤਰ ਵਿਚ ਸਭ ਨੂੰ ਆਪਣੇ ਧਰਮ ਦਾ ਪ੍ਰਚਾਰ ਕਰਨ ਅਤੇ ਸਰਕਾਰੀ ਅੱਤਿਆਚਾਰ ਵਿਰੁੱਧ ਆਪਣੀ ਆਵਾਜ਼ ਉਠਾਉਣ ਦਾ ਹੱਕ ਹੈ, ਪਰ ਇਹ ਕੇਵਲ ਸਿੱਖ ਆਗੂਆਂ ਤੇ ਹੀ ਕਿਉਂ ਜੁਲਮ ਹੋ ਰਿਹਾ ਹੈ? ਉਕਤ ਆਗੂਆਂ ਨੇ ਕਿਹਾ ਕਿ ਜਿਹੜੀ ਕੌਮ ਨੇ ਦੇਸ਼ ਦੀ ਆਜ਼ਾਦੀ ਵਿਚ 90 ਫੀਸਦੀ ਕੁਰਬਾਨੀਆਂ ਦਿੱਤੀਆਂ ਹੋਣ ਉਸ ਸਿੱਖ ਕੌਮ ਨਾਲ ਹੀ ਵਿਤਕਰਾ ਹੋ ਰਿਹਾ ਹੈ, ਜ਼ੋ ਦੇਸ਼ ਦੇ ਹੱਕ ਵਿਚ ਨਹੀਂ ਹੋਵੇਗਾ। ਉਨ੍ਹਾਂ ਸਰਕਾਰ ਤੋਂ ਮੰਗ ਕੀਤੀ ਕਿ ਜਲਦੀ ਤੋਂ ਜਲਦੀ ਭਾਈ ਤਜਿੰਦਰਪਾਲ ਸਿੰਘ ਟਿੰਮਾ ਵਿਰੁੱਧ ਦਰਜ ਕੇਸ ਵਾਪਸ ਕਰਕੇ ਇਸ ਨੂੰ ਰੱਦ ਕੀਤਾ ਜਾਵੇ ਤਾਂ ਜ਼ੋ ਦੇਸ਼ ਦੀ ਸ਼ਾਂਤੀ ਬਣੀ ਰਹੇ। ਇਸ ਸਮੇਂ ਉਨ੍ਹਾਂ ਨਾਲ ਕੁਲਦੀਪ ਸਿੰਘ ਲੋਕੋ, ਗੁਰਦਰਸ਼ਨ ਸਿੰਘ ਬੱਬੀ, ਜ਼ਸਬੀਰ ਸਿੰਘ ਜੱਸ, ਨਿਰਮਲ ਸਿੰਘ ਭੋਲਾ ਆਦਿ ਹਾਜ਼ਰ ਸਨ।



# ਸਬ ਇੰਸਪੈਕਟਰ ਸ ਨਿਰਮਲ ਸਿੰਘ ਨੇ ਥਾਣਾ ਸ੍ਰੀ ਹਰਗੋਬਿੰਦਪੁਰ ਸਾਹਿਬ ਜੀ ਦਾ ਐਸ ਐਚ ਓ ਵਜੋਂ ਕਾਰਜਕਾਲ ਸੰਭਾਲਿਆ



**ਸ੍ਰੀ ਹਰਗੋਬਿੰਦਪੁਰ ਸਾਹਿਬ ਜੀ, 10 ਜੁਲਾਈ (ਕੁਲਜੀਤ ਸਿੰਘ ਖੋਖਰ)**-ਪੰਜਾਬ ਸਰਕਾਰ ਅਤੇ ਪੁਲਿਸ ਜ਼ਿਲ੍ਹਾ ਬਟਾਲਾ ਦੇ ਮੁਖੀ ਮੈਡਮ ਅਸ਼ਵਨੀ ਗੁਟਿਆਲ ਦੇ ਹੁਕਮਾਂ ਅਨੁਸਾਰ ਸਬ ਇੰਸਪੈਕਟਰ ਨਿਰਮਲ ਸਿੰਘ ਨੇ ਥਾਣਾ ਸ੍ਰੀ ਹਰਗੋਬਿੰਦਪੁਰ ਸਾਹਿਬ ਜੀ ਦਾ ਕਾਰਜਕਾਲ ਸੰਭਾਲਿਆ ਅਤੇ ਕੰਮ ਕਰਨਾ ਸ਼ੁਰੂ ਕਰ ਦਿੱਤਾ ਹੈ ਚਾਰਜ ਸੰਭਾਲਣ ਉਪਰੰਤ ਥਾਣਾ ਮੁਖੀ ਨਿਰਮਲ ਸਿੰਘ ਨੇ ਪਤਰਕਾਰਾਂ ਦੇ ਰੂਬਰੂ ਹੋ ਕੇ ਕਿਹਾ ਕਿ ਨਸ਼ਾ ਨਾ ਕਰਨ ਦਿੱਤਾ ਜਾਵੇਗਾ ਤੇ ਨਾ ਹੀ ਵਿਕਣ ਦਿਤਾ ਜਾਵੇ ਗਾ ਉਹਨਾਂ ਕਿਹਾ ਕਿ ਜ਼ੋ ਨਸ਼ੇ ਦੇ ਵਪਾਰੀ ਹਨ ਉਹ ਸੁਧਰ ਜਾਣ ਕਾਬੂ ਆਉਣ ਤੇ ਉਹਨਾ ਨੂੰ ਕਿਸੇ ਵੀ ਸੂਰਤ ਤੇ ਬਖਸ਼ਿਆ ਨਹੀਂ ਜਾਵੇਗਾ ਅਗੇ ਉਹਨਾਂ ਕਿਹਾ ਕਿ ਸ਼ਰਾਰਤੀ ਅਨਸਰਾਂ ਨੂੰ ਸਖਤ ਹਦਾਇਤਾਂ ਕੀਤੀ ਜਾਂਦੀ ਹੈ ਕਿ ਉਹ ਸੁਧਰ ਜਾਣ ਅਗੇ ਉਹਨਾਂ ਥਾਣਾ ਸ੍ਰੀ ਹਰਗੋਬਿੰਦਪੁਰ ਦੇ ਅਧੀਨ ਆਉਂਦੇ ਸਾਰੇ ਪਿੰਡਾਂ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਪੁਲਿਸ ਦਾ ਸਾਥ ਦੇਣ ਉਹਨਾਂ ਕਿਹਾ ਕਿ ਜ਼ੋ ਵਿਅਕਤੀ ਪਿੰਡ ਵਿੱਚ ਨਸ਼ਾ ਕਰਦਾ ਹੈ ਜਾਂ ਕੋਈ ਵੇਚਦਾ ਹੈ ਉਸ ਦੀ ਇਤਲਾਹ ਪੁਲਿਸ ਥਾਣੇ ਜਾਂ ਨਾਲ਼ ਲਗਦੀ ਚੋਕੀ ਨੂੰ ਦਿੱਤੀ ਜਾਵੇ ਤਾਂ ਜ਼ੋ ਉਸ ਵਿਆਕਤੀ ਤੇ ਕਨੂੰਨੀ ਕਾਰਵਾਈ ਕੀਤੀ ਜਾਵੇ ਇਸ ਤੋਂ ਬਾਅਦ ਉਹਨਾਂ ਕਿਹਾ ਕਿ ਮੈਂ ਨੌਜਵਾਨਾਂ ਨੂੰ ਬੇਨਤੀ ਕਰਦਾ ਹਾਂ ਕਿ ਜਿਹਨਾਂ ਨੌਜਵਾਨਾਂ ਨੇ ਆਪਣੇ ਮੋਟਰਸਾਈਕਲਾਂ ਦੇ ਲਾਇਸੈਂਸਰ ਕਟਵਾਏ ਹਨ ਉਹ ਠੀਕ ਕਰਵਾ ਲੈਣ ਕਾਬੂ ਆਉਣ ਤੇ ਸਖਤ ਤੋਂ ਸਖਤ ਕਾਰਵਾਈ ਕੀਤੀ ਜਾਵੇਗੀ ਅਗੇ ਉਹਨਾਂ ਕਿਹਾ ਕਿ ਥਾਣੇ ਵਿਚ ਹਰ ਵਿਅਕਤੀ ਦਾ ਮਾਣ ਸਨਮਾਨ ਕੀਤਾ ਜਾਵੇਗਾ ਇਸ ਮੌਕੇ ਉਨ੍ਹਾਂ ਨਾਲ ਥਾਣਾ ਮੁਖ ਮੁਨਸ਼ੀ ਏ ਐਸ ਆਈ ਪਰਮਜੀਤ ਸਿੰਘ ਏ ਐਸ ਆਈ ਬਲਜੀਤ ਸਿੰਘ ਅਤੇ ਹੋਰ ਵੀ ਪੁਲਿਸ ਮੁਲਾਜ਼ਮ ਹਾਜ਼ਰ ਸਨ

# ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦਾ ਇੱਕ ਇੱਕ ਵਰਕਰ ਪਾਰਟੀ ਨਾਲ ਚੱਟਾਨ ਵਾਂਗ ਖੜਾ ਹੈ : ਬਲਵਿੰਦਰ ਸਿੰਘ ਕਾਲਾ, ਅਮਰੀਕ ਸਿੰਘ ਨੰਗਲ

**ਅੰਮ੍ਰਿਤਸਰ 10 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਅੱਜ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਜ਼ਿਲਾ ਅੰਮ੍ਰਿਤਸਰ ਦੇ ਵਰਕਰਾਂ ਦੀ ਇੱਕ ਹੰਗਾਮੀ ਮੀਟਿੰਗ ਭਾਈ ਬਲਵਿੰਦਰ ਸਿੰਘ ਜੀ ਕਾਲਾ ਮੈਂਬਰ ਪੀ ਏ ਸੀ ਅਤੇ ਭਾਈ ਅਮਰੀਕ ਸਿੰਘ ਜੀ ਨੰਗਲ ਜਥੇਬੰਦਕ ਸਕੱਤਰ ਮਾਝਾ ਜੋਨ ਦੀ ਪ੍ਰਧਾਨਗੀ ਹੇਠ ਹੋਈ। ਜਿਸ ਵਿੱਚ ਭਾਈ ਬਲਵਿੰਦਰ ਸਿੰਘ ਜੀ ਕਾਲਾ ਅਤੇ ਭਾਈ ਅਮਰੀਕ ਸਿੰਘ ਜੀ ਨੰਗਲ ਤੋਂ ਇਲਾਵਾ ਭਾਈ ਦਵਿੰਦਰ ਸਿੰਘ ਫਤਾਹਪੁਰ ਜਥੇਬੰਦਕ ਸਕੱਤਰ ਜਿਲਾ ਅੰਮ੍ਰਿਤਸਰ, ਭਾਈ ਰਾਜਵਿੰਦਰ ਸਿੰਘ ਜੀ ਹਲਕਾ ਇੰਚਾਰਜ ਦੱਖਣੀ ਅੰਮ੍ਰਿਤਸਰ, ਭਾਈ ਸਿਮਰਨਜੀਤ ਸਿੰਘ ਜੀ ਯੂਥ ਆਗੂ, ਹਰਸਿਮਰਨ ਸਿੰਘ ਜੀ ਇੰਚਾਰਜ ਵਾਰਡ ਨੰ 43, ਭਾਈ ਦਵਿੰਦਰ ਸਿੰਘ ਜੀ ਸਦਿਓੜਾ, ਭਾਈ ਜਸਕਰਨ ਸਿੰਘ ਜੀ ਯੂਥ ਆਗੂ ਅਤੇ ਭਾਈ ਕੁਲਦੀਪ ਸਿੰਘ ਹੈਪੀ ਵੀ ਹਾਜ਼ਰ ਸਨ। ਮੀਟਿੰਗ ਦੀ ਅਗਵਾਈ ਕਰਦਿਆਂ ਭਾਈ ਬਲਵਿੰਦਰ ਸਿੰਘ ਜੀ ਕਾਲਾ ਅਤੇ ਭਾਈ ਅਮਰੀਕ ਸਿੰਘ ਜੀ ਨੰਗਲ ਨੇ ਸਾਂਝੇ ਤੌਰ ਪ੍ਰੈਸ ਨੂੰ ਸੰਬੋਧਨ ਕਰਦਿਆਂ ਹੋਇਆਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਪਾਰਟੀ ਪ੍ਰਧਾਨ ਸ੍ਰ ਸਿਮਰਨਜੀਤ ਸਿੰਘ ਜੀ ਮਾਨ ਦੀ ਅਗਵਾਈ ਵਿੱਚ ਸ਼ੁਰੂ ਤੋਂ ਹੀ ਖਾਲਿਸਤਾਨ ਦੀ ਗੱਲ ਠੋਕ ਵਜਾ ਕੇ ਕਰਦਾ ਆ ਰਿਹਾ ਹੈ ਤੇ ਹਮੇਸ਼ਾਂ ਕਰਦਾ ਰਹੇਗਾ। ਸਾਰੇ ਹੀ ਵਰਕਰਾਂ ਨੇ ਸ੍ਰ ਸਿਮਰਨਜੀਤ ਸਿੰਘ ਜੀ ਮਾਨ ਦਾ ਤਹਿ ਦਿਲ ਤੋਂ ਸ਼ੁਕਰੀਆ ਅਦਾ ਕੀਤਾ ਤੇ ਕਿਹਾ ਪੂਰੇ ਸਿੱਖ ਜਗਤ ਵਿੱਚ ਇਕ ਸ੍ਰ ਸਿਮਰਨਜੀਤ ਸਿੰਘ ਜੀ ਮਾਨ ਹੀ ਹਨ ਜਿਨ੍ਹਾਂ ਨੇ ਆਪਣੇ ਜੀਵਨ ਦੇ ਚਾਲੀ ਸਾਲ ਰਾਜ ਖਾਲਿਸਤਾਨ ਦੀ ਪ੍ਰਾਪਤੀ ਖਾਤਰ ਬਿਨਾਂ ਕਿਸੇ ਪ੍ਰਵਾਹ ਦੇ ਕੁਰਬਾਨ ਕਰ ਦਿੱਤੇ ਤੇ ਸੰਘਰਸ਼ ਅਜੇ ਵੀ ਜਾਰੀ ਹੈ। ਇਸੇ ਦੀ ਬਦੌਲਤ ਅੱਜ ਉਹਨਾਂ ਦੇ ਲੰਮੇ ਜੀਵਨ ਸੰਘਰਸ਼ ਨੂੰ ਵੇਖਦਿਆਂ ਸਾਰੀ ਦੁਨੀਆਂ ਦੇ ਸਿੱਖਾਂ ਦੇ ਦਿਲਾਂ ਅੰਦਰ ਇਕ ਵਿਸ਼ੇਸ਼ ਸਥਾਨ ਹੈ ਅਤੇ ਉਹ ਆਪਣੇ ਆਪ ਨੂੰ ਉਹਨਾਂ ਨਾਲ ਜੁੜੇ ਹੋਣ ਕਾਰਨ ਸੁਭਾਗਾ ਮਹਿਸੂਸ ਕਰਦੇ ਹਨ । ਉਹਨਾਂ ਕਿਹਾ ਕਿ ਪਾਰਟੀ ਦਾ ਇਕ ਇਕ ਵਰਕਰ ਸ੍ਰ ਸਿਮਰਨਜੀਤ ਸਿੰਘ ਜੀ ਮਾਨ ਦੀ ਸੋਚ ਤੇ ਪਹਿਰਾ ਦਿੰਦਾ ਹੋਇਆ ਚੱਟਾਨ ਵਾਂਗ ਉਹਨਾਂ ਦੇ ਨਾਲ ਖੜਾ ਹੈ ਤੇ ਖੜਾ ਰਹੇਗਾ। ਭਾਈ ਬਲਵਿੰਦਰ ਸਿੰਘ ਜੀ ਕਾਲਾ ਨੇ ਅਕਾਲੀ ਦਲ ਬਾਦਲ ਤੋਂ ਵੱਖ ਹੋਏ ਲੀਡਰਾਂ ਤੇ ਤਿੱਖਾ ਹਮਲਾ ਕਰਦਿਆਂ ਹੋਇਆਂ ਹੈ ਕਿ ਇਹ ਸਾਰੇ ਹੀ ਲੀਡਰ ਆਪਣੀ ਖੁੱਸੀ ਹੋਈ ਸਿਆਸੀ ਜ਼ਮੀਨ ਨੂੰ ਦੋਬਾਰਾ ਹਾਸਲ ਕਰਨ ਵਾਸਤੇ ਇਕ ਛੱਡਅੰਤਰ ਦੇ ਤੌਰ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਨਮੁੱਖ ਹੋ ਕੇ ਮੁਆਫੀ ਮੰਗਣ ਵਾਸਤੇ ਆਏ ਸਨ ਜਦੋਂ ਕਿ ਪਹਿਲੀ ਗੱਲ ਕਿ ਇਹਨਾਂ ਨੂੰ ਮੁਆਫੀ ਕਿਸੇ ਸੂਰਤ ਵੀ ਨਹੀਂ ਮਿਲ ਸਕਦੀ ਜਿੰਨਾਂ ਵੱਡਾ ਘਾਣ ਇਹਨਾਂ ਲੋਕਾਂ ਨੇ ਸਿੱਖ ਕੌਮ ਦਾ ਕਰ ਦਿੱਤਾ ਹੈ ਅਤੇ ਦੂਸਰਾ ਇਹਨਾਂ ਦਾ ਮੁਆਫੀ ਮੰਗਣਾ ਹੀ ਗੈਰ ਮੁਮਕਿਨ ਹੈ। ਇਸ ਗੱਲ ਤੇ ਭਾਈ ਕਾਲਾ ਨੇ ਮਿਸਾਲ ਦਿੰਦਿਆਂ ਹੋਇਆਂ ਕਿਹਾ ਕਿ ਜਦੋਂ ਕਿਸੇ ਬੱਸ ਦੇ ਥੱਲੇ ਆਕੇ ਕੋਈ ਬੰਦਾ ਮਰ ਜਾਂਦਾ ਹੈ ਤਾਂ ਉਸ ਉਪਰੰਤ ਸਾਰੀ ਹੀ ਦੁਨੀਆਂ ਦੇ ਦੇਸ਼ਾਂ ਵਿੱਚ ਉਥੋਂ ਦੇ ਕਨੂੰਨਾਂ ਮੁਤਾਬਿਕ ਉਸ ਬੱਸ ਦੇ ਡਰਾਈਵਰ ਨੂੰ ਸਜ਼ਾ ਦਿੱਤੀ ਜਾਂਦੀ ਹੈ ਨਾਂ ਕਿ ਬੱਸ ਅਤੇ ਬੱਸ ਵਿੱਚ ਬੈਠੀਆਂ ਸਵਾਰੀਆਂ ਨੂੰ ਸਜ਼ਾ ਦਿੱਤੀ ਜਾਂਦੀ ਹੈ, ਕਿਉਂਕਿ ਉਸਦਾ ਕਸੂਰਵਾਰ ਬੱਸ ਦਾ ਡਰਾਈਵਰ ਹੀ ਹੁੰਦਾ ਹੈ। ਇਸੇ ਪ੍ਰਕਾਰ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਮੁੱਖ ਸੇਵਾਦਾਰ ਬਨਾਮ ਡਰਾਈਵਰ ਸ੍ਰ ਸੁਖਬੀਰ ਸਿੰਘ ਬਾਦਲ ਤੇ ਉਸਦਾ ਸਾਰਾ ਪਰਿਵਾਰ ਰਾਜ ਸੱਤਾ ਸਮੇਂ ਸਿੱਖ ਕੌਮ ਨਾਲ ਕੀਤੇ ਬੱਜਰ ਗੁਨਾਹਾਂ ਦਾ ਜ਼ਿੰਮੇਵਾਰ ਹੈ ਅਤੇ ਸਿੱਖ ਕੌਮ ਉਹਨਾਂ ਵੱਲੋਂ ਕੀਤੀਆਂ ਕੁਤਾਹੀਆਂ ਦੀ ਮੁਆਫ਼ੀ ਉਹਨਾਂ ਨੂੰ ਹਰਗਿਜ਼ ਨਹੀਂ ਦੇਵੇਗੀ।



## ਜਨਮ ਦਿਨ ਮੁਬਾਰਕ



**ਫਤਿਹਵੀਰ ਸਿੰਘ**
ਪਿਤਾ ਹਰਪ੍ਰੀਤ ਸਿੰਘ
ਮਾਤਾ ਸੰਦੀਪ ਕੌਰ
ਪਿੰਡ ਜਗਦੇਵ ਕਲਾਂ
ਜਿਲਾ ਅੰਮ੍ਰਿਤਸਰ

ਆਵਾਜ਼ਿ ਕੌਮ AWAZE QAUM

### ਸ. ਸਰਬਜੀਤ ਸਿੰਘ ਖਾਲਸਾ ਮੈਂਬਰ ਪਾਰਲੀਮੈਂਟ ਫਰੀਦਕੋਟ ਦਾ

# ਸਿੰਘ ਸਾਹਿਬ ਤੇ ਪੰਥਕ ਸ਼ਖਸੀਅਤਾਂ ਵੱਲੋਂ ਸਨਮਾਨ






ਸੰਤ ਬਾਬਾ ਗੁਰਬਚਨ ਸਿੰਘ ਜੀ ਖ਼ਾਲਸਾ, ਸੰਤ ਬਾਬਾ ਕਰਤਾਰ ਸਿੰਘ ਜੀ ਖ਼ਾਲਸਾ,ਸੰਤ ਬਾਬਾ ਜਰਨੈਲ ਸਿੰਘ ਜੀ ਖ਼ਾਲਸਾ, ਭਿੰਡਰਾਂਵਾਲਿਆਂ ਦੇ ਅਤਿ ਨਜਦੀਕੀ ਸਾਥੀ,ਸਤਿਕਾਰਯੋਗ ਸ. ਦਲਜੀਤ ਸਿੰਘ ਗਰੇਵਾਲ, ਸ. ਤੇਜਵੰਤ ਸਿੰਘ ਗਰੇਵਾਲ, ਨਾਰੰਗਵਾਲ ਵਾਲਿਆਂ ਪਾਸੋਂ ਘਰ ਆ ਕੇ ਅਸ਼ੀਰਵਾਦ ਤੇ ਸਨਮਾਨ ਪ੍ਰਾਪਤ ਕਰਦੇ ਹੋਏ ਸ. ਸਰਬਜੀਤ ਸਿੰਘ ਖਾਲਸਾ ਮੈਂਬਰ ਪਾਰਲੀਮੈਂਟ ਫਰੀਦਕੋਟ, ਨਾਲ ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਰੋਡੇ, ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ,ਸੰਤ ਚਰਨਜੀਤ ਸਿੰਘ ਜੱਸੋਵਾਲ, ਜਥੇਦਾਰ ਸਵਰਨਜੀਤ ਸਿੰਘ ਤਰਨਾ ਦਲ। (ਆਵਾਜ਼ਿ ਕੌਮ ਬਿਊਰੋ)

# ਸ਼ੂਗਰ ਦੀ ਰਾਜਧਾਨੀ ਬਣ ਚੁੱਕੈ ਹਿੰਦੁਸਤਾਨ






ਫ਼ਿਰੋਜ਼ਪੁਰ, 10 ਜੁਲਾਈ (ਮਨੋਹਰ ਲਾਲ):— ਅਜੋਕੇ ਯੁਗ ਵਿੱਚ ਅਰਾਮਦਾਇਕ ਜੀਵਨ ਸ਼ੈਲੀ ਅਤੇ ਵੱਧ ਰਹੇ ਫਾਸਟ ਫੂਡ ਦੇ ਰੁਝਾਨ ਕਾਰਨ ਸ਼ੂਗਰ ਦੇ ਮਰੀਜ਼ਾਂ ਦੀ ਗਿਣਤੀ ਵਿੱਚ ਲਗਾਤਾਰ ਵਾਧਾ ਹੋ ਰਿਹਾ ਹੈ ਜੇ ਕਿਹਾ ਜਾਵੇ ਤਾਂ ਹਿੰਦੁਸਤਾਨ ਇਸ ਵੇਲੇ ਦੁਨੀਆਂ ਵਿੱਚ ਸ਼ੂਗਰ ਦੀ ਰਾਜਧਾਨੀ ਬਣ ਚੁੱਕਾ ਹੈ ਅਤੇ ਬਹੁਤ ਸਾਰੇ ਲੋਕ ਅਜਿਹੇ ਹਨ ਜਿਨਾਂ ਨੂੰ ਇਹ ਵੀ ਨਹੀਂ ਪਤਾ ਕਿ ਉਹ ਇਸ ਬਿਮਾਰੀ ਦਾ ਸ਼ਿਕਾਰ ਹੋ ਚੁੱਕੇ ਹਨ। ਇਹ ਵਿਚਾਰ ਸਾਂਝੇ ਕਰਦਿਆਂ ਰੋਟੇਰੀਅਨ ਵਿਜੇ ਮੋਗਾ ਨੇ ਕਿਹਾ ਕਿ ਦੁਨਿਆਵੀ ਰੁਜੇਵਿਆਂ ਕਾਰਨ ਆਮ ਲੋਕਾਂ ਕੋਲ ਇਨ੍ਹਾਂ ਸਮਾਂ ਨਹੀਂ ਕਿ ਉਹ ਆਪਣੇ ਅਜਿਹੇ ਚੈਕ ਕਰਾ ਸਕਣ, ਇਸੇ ਤਹਿਤ ਰੋਟਰੀ ਕਲੱਬ ਫਿਰੋਜਪੁਰ ਰੋਆਇਲ ਵੱਲੋਂ ਆਮ ਲੋਕਾਂ ਨੂੰ ਇਸ ਨਾਮੁਰਾਦ ਬਿਮਾਰੀ ਤੋਂ ਜਾਣੂ ਕਰਾਉਣ ਦੇ ਮਕਸਦ ਨਾਲ ਇੱਕ ਡੀ.ਡਾਇਬਟਿਸ ਫਿਰੋਜ਼ਪੁਰ ਡਰਾਈਵ ਦੇ ਨਾਂ ਤੇ ਡੀ.ਐਸ.ਐਸ ਹੋਸਪਿਟਲ ਫਿਰੋਜ਼ਪੁਰ ਦੇ ਨਾਮਵਰ ਡਾਕਟਰ ਦਮਨਪ੍ਰੀਤ ਸਿੰਘ ਦੇ ਸਹਿਯੋਗ ਨਾਲ ਇੱਕ ਮੁਹਿੰਮ ਸ਼ੁਰੂ ਕੀਤੀ ਜਾ ਰਹੀ ਹੈ ਜਿਸ ਦਾ ਆਗਾਜ਼ ਅੱਜ ਰੋਟਰੀ ਕਲੱਬ ਫਿਰੋਜ਼ਪੁਰ ਰੋਆਇਲ ਦੇ ਪ੍ਰਧਾਨ ਰੋਟੇਰੀਅਨ ਵਿਜੇ ਮੋਗਾ ਅਤੇ ਡਾਕਟਰ ਦਮਨਪ੍ਰੀਤ ਸਿੰਘ ਦੁਆਰਾ ਕੀਤਾ ਗਿਆ ਜਿਸ ਦਾ ਪਲੇਠਾ ਸ਼ੂਗਰ ਚੈੱਕ ਅਪ ਕੈਂਪ ਅੱਜ ਫਿਰੋਜ਼ਪੁਰ ਦੇ ਨਾਮ ਦੇਵ ਚੌਂਕ ਸਥਿਤ ਪਾਰਕ ਵਿੱਚ ਕੀਤਾ ਗਿਆ ਜਿੱਥੇ ਲਗਭਗ 100 ਦੇ ਕਰੀਬ ਮਰੀਜ਼ਾਂ ਦਾ ਫਰੀ ਸ਼ੂਗਰ ਚੈੱਕ ਅਪ ਕੀਤਾ ਗਿਆ ਅਤੇ ਉਨ੍ਹਾਂ ਨੂੰ ਇਸ ਨਾਮਵਰ ਬਿਮਾਰੀ ਤੋਂ ਬਚਣ ਲਈ ਪ੍ਰਹੇਜਾ ਬਾਰੇ ਜਾਣਕਾਰੀ ਵੀ ਮੁਹਈਆ ਕਰਵਾਈ ਗਈ। ਇਸ ਬਾਰੇ ਡਾਕਟਰ ਦਮਨਪ੍ਰੀਤ ਸਿੰਘ ਨੇ ਦੱਸਿਆ ਕਿ ਇਸ ਬਿਮਾਰੀ ਵਿਚ ਇਲਾਜ ਨਾਲੋਂ ਪਰਹੇਜ਼ ਜਿਆਦਾ ਕੰਮ ਕਰਦਾ ਹੈ ਜਿਸ ਨਾਲ ਲੋਕ ਦਵਾਈ ਦੇ ਨਾਲ—ਨਾਲ ਪਰਹੇਜ਼ ਰੱਖ ਕੇ ਇਸ ਬਿਮਾਰੀ ਤੋਂ ਲੰਬੇ ਸਮੇਂ ਤੱਕ ਆਪਣੇ ਸਰੀਰ ਨੂੰ ਬਚਾ ਸਕਦੇ ਹਨ। ਇਸ ਸ਼ੂਗਰ ਅਤੇ ਅਵੇਅਰਸਨੈਸ ਕੈਂਪ ਵਿੱਚ ਰੋਟਰੀ ਕਲੱਬ ਫਿਰੋਜਪੁਰ ਰੋਆਇਲ ਦੇ ਜਨਰਲ ਸੈਕਟਰੀ ਰੋਟੇਰੀਅਨ ਰਾਕੇਸ਼ ਮਨਚੰਦਾ ਤੋਂ ਇਲਾਵਾ ਪੀ.ਆਰ.ਓ ਸੁਖਵਿੰਦਰ ਸਿੰਘ ਪ੍ਰੇਟੀ, ਸੰਦੀਪ ਤਿਵਾੜੀ, ਗੋਪਾਲ ਸਿੰਘਲਾ, ਕੁਨਾਲਪੁਰੀ, ਰਾਜੀਵ ਸ਼ਰਮਾ, ਸੰਦੀਪ ਅਗਰਵਾਲ, ਵਿਪਨ ਅਰੋੜਾ ਆਦੀ ਮੈਂਬਰਾਂ ਦੁਆਰਾ ਸੇਵਾ ਨਿਭਾਈ ਗਈ।

# ਰਾਗੀ ਪਾਠੀ ਸਭਾ 4 ਸਤੰਬਰ ਨੂੰ ਮਨਾਏਗੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪ੍ਰਕਾਸ਼ ਦਿਹਾੜਾ—ਹਰਮੀਤ ਸਿੰਘ



ਫ਼ਿਰੋਜ਼ਪੁਰ, 10 ਜੁਲਾਈ (ਮਨੋਹਰ ਲਾਲ) :— ਧੰਨ—ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਮਹਾਰਾਜ ਜੀ ਦੇ ਪਹਿਲਾ ਪ੍ਰਕਾਸ਼ ਦਿਹਾੜਾ ਮਨਾਉਣ ਸਬੰਧੀ ਬਾਬਾ ਬੁੱਢਾ ਜੀ ਗ੍ਰੰਥੀ ਪਾਠੀ ਸਭਾ ਰਜਿਸਟਰ ਦੀ ਗੁਰਦੁਆਰਾ ਸੰਗਤਸਰ ਸਾਹਿਬ ਵਿਖੇ ਜਨਰਲ ਮੀਟਿੰਗ ਹੋਈ। ਇਸ ਮੀਟਿੰਗ ਦੀ ਅਗਵਾਈ ਪ੍ਰਧਾਨ ਹਰਮੀਤ ਸਿੰਘ ਵੱਲੋਂ ਕੀਤੀ ਗਈ, ਜਦੋਂ ਕਿ ਵੱਡੀ ਤਦਾਦ ਜਥੇਬੰਦੀ ਦੇ ਆਗੂਆਂ ਨੇ ਸ਼ਿਰਕਤ ਕੀਤੀ। ਇਸ ਮੌਕੇ ਬੋਲਦਿਆਂ ਆਗੂਆਂ ਨੇ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਮਹਾਰਾਜ ਜੀ ਦਾ ਪਹਿਲਾ ਪ੍ਰਕਾਸ਼ ਦਿਹਾੜਾ 4 ਸਤੰਬਰ ਦਿਨ ਬੁੱਧਵਾਰ ਨੂੰ ਗੁਰਦੁਆਰਾ ਸੰਗਤਸਰ ਸਾਹਿਬ ਭਗਤ ਸਿੰਘ ਕਲੋਨੀ ਮੱਲਾਂਵਾਲਾ ਰੋਡ ਵਿਖੇ ਮਨਾਇਆ ਜਾਵੇਗਾ, ਜਿਸ ਵਿੱਚ ਪੰਥ ਦੇ ਰਾਗੀ, ਢਾਡੀ, ਕਥਾਵਾਚਕ ਅਤੇ ਕਵਿਸ਼ਰੀ ਜੱਥੇ ਗੁਰਬਾਣੀ ਅਤੇ ਗੁਰ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਗੇ। ਇਸ ਮੌਕੇ ਬੋਲਦਿਆਂ ਭਾਈ ਸਾਹਿਬ ਭਾਈ ਹਰਮੀਤ ਸਿੰਘ ਪ੍ਰਧਾਨ ਬਾਬਾ ਬੁੱਢਾ ਜੀ ਗ੍ਰੰਥੀ ਪਾਠੀ ਸਭਾ ਨੇ ਕਿਹਾ ਕਿ ਉਨ੍ਹਾਂ ਦਾ ਮੁੱਖ ਮਨੋਰਥ ਸੰਗਤ ਨੂੰ ਗੁਰਬਾਣੀ ਨਾਲ ਜੋੜਨਾ ਹੈ। ਇਸ ਮੌਕੇ ਮੀਤ ਪ੍ਰਧਾਨ ਕੁਲਵੰਤ ਸਿੰਘ, ਚੇਅਰਮੈਨ ਸਤਨਾਮ ਸਿੰਘ ਸਾਜਨ, ਵਾਈਸ ਚੇਅਰਮੈਨ ਹਰਭਜਨ ਸਿੰਘ ਰੱਖੜੀ, ਖਜਾਨਚੀ ਗੁਰਵਿੰਦਰ ਸਿੰਘ, ਸਕੱਤਰ ਭਾਈ ਅਵਤਾਰ ਸਿੰਘ ਫੌਜੀ, ਭਾਈ ਸਮਰੱਥ ਸਿੰਘ, ਭਾਈ ਗੁਰਮੀਤ ਸਿੰਘ, ਭਾਈ ਕੁਲਵਿੰਦਰ ਸਿੰਘ, ਭਾਈ ਬਸੰਤ ਸਿੰਘ, ਭਾਈ ਗੁਰਦੇਵ ਸਿੰਘ ਅਲੀ ਕੇ, ਭਾਈ ਦਰਸ਼ਨ ਸਿੰਘ, ਭਾਈ ਸਾਹਿਬ ਸਿੰਘ, ਭਾਈ ਜਸਪ੍ਰੀਤ ਸਿੰਘ, ਭਾਈ ਸੁਖਚੈਨ ਸਿੰਘ, ਭਾਈ ਗੁਰਮੀਤ ਸਿੰਘ ਰੱਖੜੀ, ਭਾਈ ਮੇਜਰ ਸਿੰਘ ਅਤੇ ਹੋਰ ਮੈਂਬਰ ਸਾਹਿਬਾਨ ਮੌਜੂਦ ਸਨ।

## ਸਮਾਜ ਸੇਵੀ ਡਾਕਟਰ ਦੀਵਾਨ ਚੰਦ ਸੁਖੀਜਾ ਦਾ ਮਨਾਇਆ 80ਵਾਂ ਜਨਮ ਦਿਨ



ਫ਼ਿਰੋਜ਼ਪੁਰ, 10 ਜੁਲਾਈ (ਮਨੋਹਰ ਲਾਲ) :— ਸਮਾਜ ਸੇਵੀ ਕਾਰਜ ਕਰਦੇ ਆ ਰਹੇ ਸਟਰੀਮ ਲਾਈਨ ਵੈਲਫੇਅਰ ਸੁਸਾਇਟੀ ਦੇ ਚੇਅਰਮੈਨ ਦੀਵਾਨ ਚੰਦ ਸੁਖੀਜਾ ਦੇ 80ਵੇਂ ਜਨਮ ਦਿਨ ਮੌਕੇ ਵੱਖ—ਵੱਖ ਜਥੇਬੰਦੀਆਂ ਦੇ ਆਗੂਆਂ ਕੀਤੀ ਇਕੱਤਰਤਾ। ਇਸ ਮੌਕੇ ਜਥੇਬੰਦੀਆਂ ਦੇ ਆਗੂਆਂ ਨੇ ਡਾਕਟਰ ਦੀਵਾਨ ਚੰਦ ਸੁਖੀਜਾ ਦਾ ਜਨਮ ਦਿਨ ਬੜੀ ਧੂਮ—ਧਾਮ ਨਾਲ ਅਤੇ ਸ਼ਰਧਾ ਪੂਰਵਕ ਮਨਾਇਆ ਗਿਆ। ਇਸ ਮੌਕੇ ਸੁਸਾਇਟੀ ਮੈਂਬਰ ਅਤੇ ਹੋਰ ਆਗੂ ਸ਼ਾਮਲ ਹੋਏ ਅਤੇ ਵੱਖ—ਵੱਖ ਸੰਸਥਾਵਾਂ ਬਿਰਧ ਆਸ਼ਰਮ ਫ਼ਿਰੋਜ਼ਪੁਰ ਕੈਂਟ, ਸਿਵਲ ਹਸਪਤਾਲ, ਰੈਡ ਕਰਾਸ ਸ਼ਾਖਾ ਆਦਿ ਸੰਸਥਾਵਾਂ ਦੇ ਆਗੂਆਂ ਮਦਨ ਲਾਲ ਤਿਵਾੜੀ, ਡਾਕਟਰ ਪ੍ਰੇਮ ਲਤਾ ਸੂਦ, ਡਾਕਟਰ ਬੀ.ਬੀ ਸ਼ਰਮਾ ਅਤੇ ਕਈ ਹੋਰਾਂ ਨੇ ਮਿਸਟਰ ਸੁਖੀਜਾ ਦਾ ਸਨਮਾਨ ਕੀਤਾ ਅਤੇ ਸ਼ੁਭ ਇਛਾਵਾਂ ਦਿੱਤੀਆਂ।

## ਪੰਚਾਇਤੀ ਜਮੀਨ ਪਰ ਹੋ ਰਹੇ ਕਬਜ਼ੇ ਵਿਰੁੱਧ ਪਿੰਡ ਦੀ ਪੰਚਾਇਤ ਨੇ ਲਾਈ ਇਨਸਾਫ ਦੀ ਗੁਹਾਰ

ਫ਼ਿਰੋਜ਼ਪੁਰ, 10 ਜੁਲਾਈ (ਮਨੋਹਰ ਲਾਲ) :— ਪਿੰਡ ਮਹਾਲਮ ਦੀ ਸਰਕਾਰੀ ਜਮੀਨ ਪਰ ਹੋਏ ਨਜਾਇਜ਼ ਕਬਜਿਆਂ ਨੂੰ ਲੈ ਕੇ ਪਿੰਡ ਮਹਾਲਮ ਦੀ ਪੰਚਾਇਤ ਵੱਲੋਂ ਡਾਇਰੈਕਟਰ ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਪੰਜਾਬ ਨੂੰ ਲਿਖੀ ਚਿੱਠੀ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਲਖਵੀਰ ਸਿੰਘ ਮਹਾਲਮ ਨੇ ਦੱਸਿਆ ਕਿ ਗ੍ਰਾਮ ਪੰਚਾਇਤ ਪਿੰਡ ਮਹਾਲਮ ਤਹਿਸੀਲ ਵਾ ਜ਼ਿਲ੍ਹਾ ਫ਼ਿਰੋਜ਼ਪੁਰ ਦੀ ਜਮੀਨ ਜਿਸ ਦਾ ਖੇਵਟ ਨੰਬਰ 190/180 ਖਤੌਨੀ ਨੰਬਰ 240 ਮੁਰੱਬਾ ਨੰਬਰ 25 ਕਿਲਾ ਨੰਬਰ 29(1—6) ਤੇ ਨਜਾਇਜ਼ ਕਬਜਾ ਕਰਨ ਤੋਂ ਰੋਕ ਲਗਾਉਣ ਅਤੇ ਨਜਾਇਜ਼ ਕਬਜਾਧਾਰੀਆਂ ਖਿਲਾਫ ਕਾਨੂੰਨੀ ਕਾਰਵਾਈ ਕਰਵਾਉਣ ਹੈ। ਉਨ੍ਹਾਂ ਕਿਹਾ ਕਿ ਗ੍ਰਾਮ ਪੰਚਾਇਤ ਦੀ ਜਮੀਨ ਪਿੰਡ ਮਹਾਲਮ ਵਿਚ ਹੈ, ਜਿਥੇ ਉਕਤ ਦੋਸ਼ੀ ਸਵਰਨ ਸਿੰਘ ਵਗੈਰਾ ਨੇ ਪੰਚਾਇਤੀ ਜਮੀਨ ਦੇ ਮੁਰੱਬਾ ਨੰਬਰ 25 ਕਿਲਾ ਨੰਬਰ 20(1—16) ਵਿਚੋਂ ਕਰੀਬ 5—6 ਮਰਲੇ ਖਾਲੀ ਪਈ ਜਗ੍ਹਾ ਤੇ ਧੱਕੇ ਨਾਲ ਨਜਾਇਜ਼ ਕਬਜ਼ਾ ਕਰਨ ਦੀ ਕੋਸ਼ਿਸ਼ ਕਰ ਰਹੇ ਹਨ। ਉਨ੍ਹਾਂ ਮੰਗ ਕੀਤੀ ਕਿ ਬਿਨ੍ਹਾਂ ਦੇਰੀ ਇਸ ਮਾਮਲੇ ਵਿਚ ਕਾਰਵਾਈ ਕਰਕੇ ਕਬਜ਼ਾਧਾਰੀਆਂ ਵਿਰੁੱਧ ਕਾਰਵਾਈ ਕੀਤੀ ਜਾਵੇ ਤਾਂ ਜ਼ੋ ਸਰਕਾਰੀ ਸੰਪਤੀ ਦਾ ਨੁਕਸਾਨ ਹੋਣੋ ਬਚ ਜਾਵੇ। ਇਸ ਮੌਕੇ ਲਖਵੀਰ ਸਿੰਘ, ਅਮਰਜੀਤ ਸਿੰਘ, ਮੰਗਲ ਸਿੰਘ ਨੰਬਰਦਾਰ, ਸੁਖਦੇਵ ਸਿੰਘ, ਸੁਰਜੀਤ ਸਿੰਘ ਆਦਿ ਹਾਜ਼ਰ ਸਨ।

## ਜਨਮ ਦਿਨ ਮੁਬਾਰਕ



ਸੰਤ ਬਾਬਾ ਸਤਨਾਮ ਸਿੰਘ ਵਲੀਆ ਜੀ ਨੇ ਆਪਣੀ ਪੋਤਰੀ ਗੁਰਤੇਗ ਕੌਰ ਦਾ ਜਨਮ ਪਵਿੱਤਰ ਪਾਵਨ ਗੁਰਬਾਣੀ ਸੁਖਮਨੀ ਸਾਹਿਬ ਜੀ ਦੇ ਜਾਪੁ ਕਰਕੇ ਅਤੇ ਬੂਟਾ ਲਗਾਕੇ ਮਨਾਇਆ ਗਿਆ। ( ਫੋਟੋ ਵੇਰਵਾ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਂਕ ਮਹਿਤਾ)

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

# ★ ਜਨਮਦਿਨ ਦੀਆਂ ਮੁਬਾਰਕਾਂ ★











ਭਾਈ ਕਪਤਾਨ ਸਿੰਘ ਬੀਬੀ ਵਰਿੰਦਰ ਕੌਰ ਦੇ ਸਪੁੱਤਰਾਂ ਤੇਜ਼ ਪ੍ਰਕਾਸ਼ ਸਿੰਘ ਅਤੇ ਤਰਨ ਸਿੰਘ ਦੇ ਜਨਮ ਦਿਨ ਤੇ ਅਦਾਰਾ ਆਵਾਜਿ ਕੌਮ ਵਲੋਂ ਬਹੁਤ ਬਹੁਤ ਮੁਬਾਰਕਾਂ ਅਕਾਲ ਪੁਰਖ ਵਾਹਿਗੁਰੂ ਭੁਝੰਗੀਆਂ ਨੂੰ ਸਦਾ ਹੀ ਚੜ੍ਹਦੀ ਕਲਾ ਬਖਸ਼ੇ ।

### ਅਮੁਪੁਰ ਦੇ ਪੀੜਤ ਸਿੱਖ ਪਰਿਵਾਰਾਂ ਲਈ ਸ਼੍ਰੋਮਣੀ ਕਮੇਟੀ ਵੱਲੋਂ

# ਭੇਜੀ ਗਈ ਰਾਹਤ ਸਮੱਗਰੀ, ਵਾਟਰ-ਪਰੂਫ਼ ਟੈਂਟ ਦਾ ਵੀ ਕੀਤਾ ਪ੍ਰਬੰਧ





**ਕਰਨਾਲ, 10 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਹਰਿਆਣਾ ਸਰਕਾਰ ਵੱਲੋਂ ਕਰਨਾਲ ਜ਼ਿਲ੍ਹੇ ਦੇ ਅਮੁਪੁਰ ਪਿੰਡ ਵਿਖੇ ਦੇਸ਼ ਵੰਡ ਸਮੇਂ ਲਹਿੰਦੇ ਪੰਜਾਬ ਤੋਂ ਉੱਜੜ ਕੇ ਹਰਿਆਣਾ ਵਿੱਚ ਵੱਸੇ ਚਾਰ ਸਿੱਖ ਪਰਿਵਾਰਾਂ ਦੇ ਘਰ ਢਾਹੁਣ ਦੀ ਕਾਰਵਾਈ ਤੋਂ ਬਾਅਦ ਅੱਜ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਪੀੜਤ ਪਰਿਵਾਰਾਂ ਲਈ ਰਾਹਤ ਸਮੱਗਰੀ ਅਤੇ ਵਾਟਰ ਪਰੂਫ਼ ਟੈਂਟ ਦੀ ਸੁਵਿਧਾ ਲੈ ਕੇ ਅਮੁਪੁਰ ਪਿੰਡ ਪਹੁੰਚੀ। ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਆਦੇਸ਼ ਅਨੁਸਾਰ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਸ. ਹਰਭਜਨ ਸਿੰਘ ਮਸਾਣਾ ਹਰਿਆਣਾ ਸਿੱਖ ਮਿਸ਼ਨ ਕੁਰੂਕਸ਼ੇਤਰ ਤੋਂ ਸਮੁੱਚੀ ਟੀਮ ਨਾਲ ਪੀੜਤ ਪਰਿਵਾਰਾਂ ਲਈ ਰਾਸ਼ਨ, ਦਾਲਾਂ, ਪਾਣੀ ਆਦਿ ਰਾਹਤ ਸਮੱਗਰੀ ਲੈ ਕੇ ਪੁੱਜੇ। ਸਰਕਾਰ ਵੱਲੋਂ ਬੇਘਰ ਕੀਤੇ ਇਨ੍ਹਾਂ ਸਿੱਖ ਪਰਿਵਾਰਾਂ ਲਈ ਸ਼੍ਰੋਮਣੀ ਕਮੇਟੀ ਨੇ ਵਿਸ਼ੇਸ਼ ਪ੍ਰਬੰਧ ਕਰਕੇ ਵਾਟਰ ਪਰੂਫ਼ ਟੈਂਟ ਵੀ ਅਮੁਪੁਰ ਪਿੰਡ ਵਿਖੇ ਲਗਾਉਣੇ ਸ਼ੁਰੂ ਕਰ ਦਿੱਤੇ ਹਨ, ਤਾਂ ਜੋ ਪਰਿਵਾਰਾਂ ਨੂੰ ਆਰਜ਼ੀ ਰਾਹਤ ਅਤੇ ਛੱਤ ਮਿਲ ਸਕੇ।ਜ਼ਿਕਰਯੋਗ ਹੈ ਕਿ ਬੀਤੇ ਕੱਲ੍ਹ ਸ਼੍ਰੋਮਣੀ ਕਮੇਟੀ ਵੱਲੋਂ ਸ. ਹਰਭਜਨ ਸਿੰਘ ਮਸਾਣਾ ਦੀ ਅਗਵਾਈ ਵਿੱਚ ਜੂਨੀਅਰ ਮੀਤ ਪ੍ਰਧਾਨ ਸ. ਗੁਰਬਖਸ਼ ਸਿੰਘ ਖ਼ਾਲਸਾ, ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ, ਸ. ਬਲਦੇਵ ਸਿੰਘ ਕਾਇਮਪੁਰ ਤੇ ਧਰਮ ਪ੍ਰਚਾਰ ਕਮੇਟੀ ਦੀ ਮੈਂਬਰ ਸ. ਤੇਜਿੰਦਰਪਾਲ ਸਿੰਘ ਲਾਡਵਾ ਆਧਾਰਿਤ ਇੱਕ ਵਫ਼ਦ ਨੇ ਅਮੁਪੁਰ ਪੁੱਜ ਕੇ ਪੀੜਤ ਸਿੱਖ ਪਰਿਵਾਰਾਂ ਨਾਲ ਮੁਲਾਕਾਤ ਕੀਤੀ ਸੀ ਤੇ ਜ਼ਮੀਨੀ ਪੱਧਰ ਦੀ ਸਮੁੱਚੀ ਜਾਣਕਾਰੀ ਪ੍ਰਾਪਤ ਕੀਤੀ ਸੀ।ਸਰਕਾਰ ਵੱਲੋਂ ਸਿੱਖਾਂ ਨਾਲ ਕੀਤੇ ਧੱਕੇ ਦੇ ਹਾਲਾਤ ਦੇਖ ਕੇ ਸ਼੍ਰੋਮਣੀ ਕਮੇਟੀ ਦੇ ਨੁਮਾਇੰਦਿਆਂ ਦੇ ਮਨਾਂ ਨੂੰ ਭਾਰੀ ਠੇਸ ਪਹੁੰਚੀ ਸੀ, ਜਿਸ ਉਪਰੰਤ ਚਾਰੋ ਪੀੜਤ ਸਿੱਖ ਪਰਿਵਾਰਾਂ ਨੂੰ ਸ਼੍ਰੋਮਣੀ ਕਮੇਟੀ ਨੇ ਇੱਕ - ਇੱਕ ਲੱਖ ਰੁਪਏ ਸੀ ਸਹਾਇਤਾ ਮੁਢਲੇ ਤੌਰ ਉੱਤੇ ਦੇਣ ਦਾ ਫ਼ੈਸਲਾ ਕੀਤਾ ਗਿਆ ਅਤੇ ਲੋੜ ਅਨੁਸਾਰ ਅਗਾਂਹ ਵੀ ਹਰ ਤਰ੍ਹਾਂ ਦੀ ਸਹਾਇਤਾ ਦੇਣ ਦੀ ਵਚਨਬੱਧਤਾ ਪ੍ਰਗਟਾਈ।ਹਰਿਆਣਾ ਦੀ ਭਾਰਤੀ ਜਨਤਾ ਪਾਰਟੀ ਦੀ ਅਗਵਾਈ ਵਾਲੀ ਸਰਕਾਰ ਦੀ ਇਸ ਸਿੱਖ ਵਿਰੋਧੀ ਕਾਰਵਾਈ ਨਾਲ ਸਮੁੱਚੇ ਸਿੱਖ ਜਗਤ ਅੰਦਰ ਭਾਰੀ ਰੋਸ ਹੈ।

ਆਵਾਜ਼ਿ ਕੌਮ AWAZE QAUM International Newspaper & WEB TV





# ਜਲਾਵਤਨ ਸਿੱਖ ਆਗੂ ਭਾਈ ਪ੍ਰਗਟ ਸਿੰਘ ਰਿਬੈਰੋ ਕਾਡ ਦਾ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਵੱਲੋ ਸਨਮਾਨ

ਜਰੈਮਨ, 10 ਜੁਲਾਈ (ਆਵਾਜ਼ਿ ਕੌਮ ਬਿਊਰੋ)- ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਵੱਲੋ ਜਲਾਵਤਨ ਸਿੱਖ ਆਗੂ ਭਾਈ ਪਰਗਟ ਸਿੰਘ ਦਾ ਸਨਮਾਨ ਕਰਦਿਆ ਕਿਹਾ ਹੈ ਕਿ ਇਸ ਸਿੰਘ ਦੀ ਵੱਡੀ ਕੁਰਬਾਨੀ ਹੈ ਤੇ ਪਿਛਲੇ ਤਿੰਨ ਦਹਾਕਿਆ ਤੋ ਜਲਾਵਤਨ ਰਹਿ ਕੇ ਆਪਣਿਆ ਦੀ ਅੰਤਿਮ ਅਰਦਾਸ ਵਿੱਚ ਵੀ ਨਹੀ ਜਾ ਸਕਦੇ ।ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੇ ਜਥੇਦਾਰ ਸਿੰਘ ਸਾਹਿਬ ਭਾਈ ਰਘਬੀਰ ਸਿੰਘ ਨੇ ਜਰਮਨੀ ਦੇ ਦੌਰੇ ਵਕਤ ਭਾਈ ਪਰਗਟ ਸਿੰਘ ਰਿਬੈਰੋ ਕਾਡ ਨਾਲ ਉਹਨਾਂ ਦੀ ਮਾਤਾ ਦੇ ਵਿਛੋੜੇ ਤੇ ਵੀ ਦੁੱਖ ਪ੍ਰਗਟ ਕਰਦਿਆ ਉਹਨਾਂ ਨਾਲ ਹਮਦਰਦੀ ਪ੍ਰਗਟ ਕੀਤੀ ।ਸਿੰਘ ਸਾਹਿਬ ਨੇ ਭਾਰਤ ਸਰਕਾਰ ਨੂੰ ਅਪੀਲ ਕਰਦਿਆ ਕਿਹਾ ਕਿ ਵਿਦੇਸ਼ਾਂ ਅੰਦਰ ਬੈਠੇ ਸਿੱਖਾਂ ਦੀਆ ਕਾਲੀਆ ਸੂਚੀਆ ਜਿਉ ਦੀਆ ਤਿਉ ਹਨ ਜਿੰਨਾ ਨੂੰ ਖਤਮ ਕੀਤਾ ਜਾਵੇ ਤਾ ਜੋ ਸਿੰਘ ਆਪਣੇ ਘਰਾ ਨੂੰ ਆ ਸਕਣ । ਉਹਨਾਂ ਸਿੱਖ ਜਥੇਬੰਦੀਆ ਨੂੰ ਅਪੀਲ ਕੀਤੀ ਕਿ ਉਹ ਸਿਰ ਜੋੜਕੇ ਬੈਠਣ ਤੇ ਪੰਥ ਅਤੇ ਪੰਜਾਬ ਦੇ ਭਲੇ ਲਈ ਇਕਜੁੱਟ ਹੋਣ ਇਸ ਮੌਕੇ ਭਾਈ ਬਲਵਿੰਦਰਸਿੰਘਬੰਟੀ ਅਤੇ ਭਾਈ ਚਮਨਦੀਪ ਸਿੰਘ ਵੀ ਹਾਜਰ ਸਨ।ਇਸੇ ਦੌਰਾਨ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਸਰਪ੍ਰਸਤ,ਸ੍ਰੌਮਣੀ ਅਕਾਲੀ ਦਲ ਦੇ ਜਰਨਲ ਸਕੱਤਰ ਅਤੇ ਬੁਲਾਰੇ ਸ੍ਰ ਕਰਨੈਲ ਸਿੰਘ ਪੀਰਮੁਹੰਮਦ ਨੇ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਭਾਈ ਰਘਬੀਰ ਸਿੰਘ ਵੱਲੋ ਭਾਈ ਪਰਗਟ ਸਿੰਘ ਦਾ ਸਨਮਾਨ ਕਰਨ ਦੀ ਸਲਾਘਾ ਕਰਦਿਆ ਕਿਹਾ ਹੈ ਕਿ ਕੁਰਬਾਨੀ ਵਾਲੇ ਸਿੰਘਾ ਦਾ ਸਨਮਾਨ ਕਰਨਾ ਬੇਹੱਦ ਨੇਕ ਕਾਰਜ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਪੋਜੀਸ਼ਨ ਪ੍ਰਾਪਤ ਵਿਦਿਆਰਥੀਆਂ ਨੂੰ ਪੌਦਿਆਂ ਨਾਲ ਕੀਤਾ ਸਨਮਾਨਿਤ



**ਕਰਤਾਰਪੁਰ : 10 ਜੁਲਾਈ ( ਆਵਾਜ਼ਿ ਕੌਮ ਬਿਊਰੋ) :** ਸੰਤ ਬਾਬਾ ਓਂਕਾਰ ਨਾਥ ਸੀਨੀਅਰ ਸੈਕੰਡਰੀ ਸਕੂਲ, ਕਾਲਾ ਬਾਹੀਆਂ ਜਲੰਧਰ ਵੱਲੋਂ ਅੱਜ ਇੱਕ ਨਵੇਕਲਾ ਉਪਰਾਲਾ ਕਰਦਿਆਂ ਪਿੱਛਲੇ ਸਾਲ ਦੀ ਸਾਲਾਨਾ ਪ੍ਰੀਖਿਆ ਵਿੱਚੋਂ ਪਹਿਲੀਆਂ ਤਿੰਨ ਪੋਜੀਸ਼ਨਾਂ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਪੌਦੇ ਦੇ ਕੇ ਸਨਮਾਨਿਤ ਕੀਤਾ ਗਿਆ ਅਤੇ ਉਨ੍ਹਾਂ ਵਿਦਿਆਰਥੀਆਂ ਵੱਲੋਂ ਸਕੂਲ ਚੌਗਿਰਦੇ ਵਿੱਚੋਂ ਪੌਦੇ ਵੀ ਲਗਾਏ ਗਏ। ਇਸ ਮੌਕੇ ਸਕੂਲ ਪ੍ਰਬੰਧਕ ਕਮੇਟੀ ਦੇ ਚੇਅਰਮੈਨ ਸ. ਸਤਨਾਮ ਸਿੰਘ, ਪ੍ਰਧਾਨ ਸ਼੍ਰੀ ਚਰਨਾ ਰਾਮ, ਮੈਂਬਰ ਚਰਨ ਦਾਸ, ਪ੍ਰਿੰਸੀਪਲ ਸ. ਅਮਰੀਕ ਸਿੰਘ ਅਤੇ ਸਟਾਫ਼ ਮੈਂਬਰਾਂ ਵੱਲੋਂ ਵੀ ਸਕੂਲ ਵਿੱਚ ਪੌਦੇ ਲਗਾਏ ਗਏ।ਇਸ ਮੌਕੇ ਸਕੂਲ ਪ੍ਰਬੰਧਕ ਕਮੇਟੀ ਦੇ ਚੇਅਰਮੈਨ ਸ. ਸਤਨਾਮ ਸਿੰਘ ਨੇ ਆਪਣੇ ਸੰਬੋਧਨ ਵਿੱਚ ਵਿਦਿਆਰਥੀਆਂ ਨੂੰ ਵਾਤਾਵਰਣ ਪ੍ਰਤੀ ਜਾਗਰੂਕ ਕਰਦਿਆਂ ਕਿਹਾ ਕਿ ਜਿੱਥੇ ਪੌਦੇ ਲਗਾਉਣੇ ਜਰੂਰੀ ਹਨ, ਉੱਥੇ ਹੀ ਉਨ੍ਹਾਂ ਦੀ ਸੰਭਾਲ ਉਸ ਤੋਂ ਵੀ ਜਿਆਦਾ ਜਰੂਰੀ ਹੈ। ਇਸ ਮੌਕੇ ਪ੍ਰਿੰਸੀਪਲ ਸ. ਅਮਰੀਕ ਸਿੰਘ ਨੇ ਆਏ ਹੋਏ ਮਹਿਮਾਨਾਂ, ਸਟਾਫ਼ ਮੈਂਬਰਾਂ ਅਤੇ ਵਿਦਿਆਰਥੀਆਂ ਦਾ ਇਸ ਉਪਰਾਲੇ ਵਿੱਚ ਸਹਿਯੋਗ ਲਈ ਧੰਨਵਾਦ ਕੀਤਾ। ਇਸ ਮੌਕੇ ਪ੍ਰਿੰਸੀਪਲ ਸ. ਅਮਰੀਕ ਸਿੰਘ,ਚੇਅਰਮੈਨ ਸ. ਸਤਨਾਮ ਸਿੰਘ, ਪ੍ਰਧਾਨ ਸ਼੍ਰੀ ਚਰਨਾ ਰਾਮ, ਮੈਂਬਰ ਚਰਨ ਦਾਸ, ਸੁਪਰਡੰਟ ਗੇਂਦੀ ਰਾਮ, ਮੈਡਮ ਸੀਮਾ ਅਤੇ ਸਕੂਲ ਸਟਾਫ਼ ਮੈਂਬਰ ਹਾਜ਼ਰ ਸਨ।